World Punjabi News Network

WORLD PUNJABI ਪੰਜਾਬੀ | پنجابی NEWS

ਲੋਕ ਹਿੱਤ ਵਿੱਚ ਪੱਤਰਕਾਰੀ

@worldpunjabinews
@worldpunjabinewstv
@wpunjabinews
@worldpunjabinews
@worldpunjabinews

INDIA AUSTRALIA CANADA NEW-ZEALAND U.S.A. U.K. U.A.E. QATAR ITALY BELGIUM FRANCE GREECE GERMANY AFRICA MALAYSIA PHILIPPINES THAILAND INDONESIA MAURITIUS

NATIONAL WORLD EDUCATION SPORTS SCIENCE & TECHNOLOGY ENTERTAINMENT HEALTH & ENVIRONMENT HISTORY & CULTURE POLITICS LIFESTYLE LITERARY BUSINESS

# ਕਰਨਾਟਕ ਦੀ ਕਿਸਾਨ ਜਥੇਬੰਦੀ ਦਾ ਜਥਾ ਸਿੰਘੂ ਬਾਰਡਰ 'ਤੇ ਪਹੁੰਚਿਆ




**ਨਵੀਂ ਦਿੱਲੀ।** ਕਿਸਾਨਾਂ ਵੱਲੋਂ ਸਿੰਘੂ ਬਾਰਡਰ 'ਤੇ ਦਿੱਤੇ ਜਾ ਰਹੇ ਧਰਨੇ ਵਿੱਚ ਕਰਨਾਟਕ ਦੀ ਕਿਸਾਨ ਜਥੇਬੰਦੀ 'ਕੱਬੂ ਬੇਲਗਰਾਰਾ ਕਰਨਾਟਕ ਸੰਘ' ਦਾ ਇੱਕ ਵੱਡਾ ਜਥਾ ਇਥੇ ਪਹੁੰਚਿਆ। ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਅਭਿਮੰਨਿਊ ਕੁਹਾੜ, ਬਖਤਾਵਰ ਸਿੰਘ ਅਤੇ ਹੋਰਾਂ ਨੇ ਜਥੇ ਦਾ ਸਵਾਗਤ ਕੀਤਾ। ਕਰਨਾਟਕ ਦੇ ਕਿਸਾਨਾਂ ਨੇ ਮੋਰਚੇ ਦੇ ਆਗੂਆਂ ਨੂੰ ਸ਼ਾਲ ਭੇਟ ਕਰਕੇ ਉਨ੍ਹਾਂ ਦਾ ਸਨਮਾਨ ਕੀਤਾ। ਕਰਨਾਟਕ ਦੇ ਕਿਸਾਨ ਆਗੂ ਸ਼ਾਂਤਾ ਕੁਮਾਰ ਨੇ ਸਟੇਜ ਤੋਂ ਆਪਣੇ ਸੰਬੋਧਨ 'ਚ ਕਿਹਾ, ''ਸਾਡਾ ਸੂਬਾ ਦਿੱਲੀ ਤੋਂ ਬਹੁਤ ਦੂਰ ਹੈ। ਅਸੀਂ ਇਸ ਮੋਰਚੇ ਅੰਦਰ ਆਪਣੇ ਰਾਜ ਦੇ ਕਿਸਾਨਾਂ ਵੱਲੋਂ ਇਕਜੁੱਟਤਾ ਪ੍ਰਗਟ ਕਰਨ ਲਈ ਪਹੁੰਚੇ ਹਾਂ। ਅਸੀਂ ਭਾਵੇਂ ਇਥੇ ਨਾ ਪਹੁੰਚ ਸਕੀਏ ਪਰ ਸੰਯੁਕਤ ਮੋਰਚੇ ਦੇ ਹਰ ਪ੍ਰੋਗਰਾਮ ਨੂੰ ਅਸੀਂ ਆਪਣੇ ਰਾਜ ਅੰਦਰ ਪੂਰੀ ਦ੍ਰਿੜ੍ਹਤਾ ਨਾਲ ਲਾਗੂ ਕਰਦੇ ਰਹੇ ਹਾਂ। ਅਸੀਂ ਯਕੀਨ ਦਿਵਾਉਂਦੇ ਹਾਂ ਕਿ ਇਸ ਅੰਦੋਲਨ ਨੂੰ ਕਿਸਾਨਾਂ ਦੀ ਜ਼ਿੰਦਗੀ-ਮੌਤ ਦੀ ਲੜਾਈ ਸਮਝਦਿਆਂ ਹੋਇਆਂ ਕਾਲੇ ਕਨੂੰਨਾਂ ਨੂੰ ਰੱਦ ਕਰਵਾਉਣ ਅਤੇ ਐੱਮਐੱਸਪੀ 'ਤੇ ਕਨੂੰਨ ਬਣਾਉਣ ਲਈ ਹਰ ਕੁਰਬਾਨੀ ਕਰਾਂਗੇ।'' ਜਮਹੂਰੀ ਕਿਸਾਨ ਸਭਾ ਪੰਜਾਬ ਵੱਲੋਂ ਮੋਹਣ ਸਿੰਘ ਧਮਾਣਾ, ਸੁਰਿੰਦਰ ਸਿੰਘ ਪੰਨੂ ਅਤੇ ਹਰਪ੍ਰੀਤ ਸਿੰਘ ਬੁਟਾਰੀ ਦੀ ਅਗਵਾਈ ਹੇਠ ਜਥਾ ਸਿੰਘੂ ਬਾਰਡਰ 'ਤੇ ਪੁੱਜਾ। ਕਿਸਾਨ ਸੰਸਦ ਵਿੱਚ ਭਲਕੇ ਮੋਹਣ ਸਿੰਘ ਧਮਾਣਾ ਦੀ ਅਗਵਾਈ ਹੇਠ ਭਾਗ ਲਿਆ ਜਾਵੇਗਾ। ਬਿਜਲੀ ਸੋਧ ਬਿੱਲ 2020 'ਤੇ ਵਿਚਾਰ ਚਰਚਾ ਕਰਕੇ ਲੋਕ ਵਿਰੋਧੀ ਪੱਖਾਂ ਨੂੰ ਉਭਾਰਿਆ ਜਾਵੇਗਾ। ਲੋਕਾਂ ਨੂੰ ਦੱਸਿਆ ਜਾਵੇਗਾ ਕਿ ਕਿਵੇਂ ਸੂਬਿਆਂ ਦੇ ਅਧਿਕਾਰਾਂ 'ਤੇ ਡਾਕਾ ਮਾਰਨ ਦੇ ਨਾਲ ਨਾਲ ਬਿਜਲੀ ਪੈਦਾ ਕਰਨ, ਬਿਜਲੀ ਦੇ ਰੇਟ ਤੈਅ ਕਰਨ ਅਤੇ ਬਿਜਲੀ ਦੀ ਵੰਡ ਸਮੇਤ ਸਮੁੱਚੇ ਅਧਿਕਾਰ ਕੇਂਦਰੀ ਅਥਾਰਿਟੀ ਕੋਲ ਚਲੇ ਜਾਣਗੇ।

# ਪੀਵੀ ਸਿੰਧੂ ਨੇ ਬੈਡਮਿੰਟਨ ਸਿੰਗਲ 'ਚ ਜਿੱਤਿਆ ਕਾਂਸੀ ਤਗਮਾ

**ਨਵੀਂ ਦਿੱਲੀ ।** ਭਾਰਤ ਦੀ ਮਹਿਲਾ ਸਟਾਰ ਬੈਡਮਿੰਟਨ ਖਿਡਾਰਨ ਪੀਵੀ ਸਿੰਧੂ ਨੇ ਮੁਕਾਬਲੇ 'ਚ ਚੀਨ ਦੀ ਬਿੰਗਜਿਆਓ ਨੂੰ ਹਰਾ ਕਾ ਕਾਂਸੀ ਤਗਮਾ ਆਪਣੇ ਨਾਂ ਕੀਤਾ। ਪੀਵੀ ਸਿੰਧੂ ਨੇ ਟੋਕੀਓ ਓਲੰਪਿਕ 2020 'ਚ ਭਾਰਤ ਲਈ ਦੂਜਾ ਮੈਡਲ ਜਿੱਤਿਆ। ਰੀਓ ਓਲੰਪਿਕ 'ਚ ਚਾਂਦੀ ਜਿੱਤਣ ਵਾਲੀ ਪੀਵੀ ਸਿੰਧੂ ਨੂੰ ਸੈਮੀਫਾਈਨਲ ਮੁਕਾਬਲੇ 'ਚ ਚੀਨੀ ਤਾਈਪੇ ਤਾਈ ਜੁ ਯਿੰਗ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਅਤੇ ਉਹ ਫਾਈਨਲ 'ਚ ਪਹੁੰਚਣ ਤੋਂ ਉੱਕ ਗਈ ਸੀ, ਪਰ ਕਾਂਸੀ ਤਗਮੇ ਲਈ ਖੇਡੇ ਗਏ ਮੁਕਾਬਲੇ 'ਚ ਉਸ ਨੇ ਜਿੱਤ ਹਾਸਲ ਕਰ ਕੇ ਭਾਰਤ ਦਾ ਸਿਰ ਮਾਣ ਨਾਲ ਉੱਚਾ ਕਰ ਦਿੱਤਾ। ਵੇਟਲਿਫਟਰ ਮੀਰਾਬਾਈ ਚਾਨੂੰ ਤੋਂ ਬਾਅਦ ਉਹ ਟੋਕੀਓ ਓਲੰਪਿਕ 'ਚ ਭਾਰਤ ਲਈ ਦੂਜਾ ਮੈਡਲ ਜਿੱਤਣ ਵਾਲੀ ਖਿਡਾਰਨ ਬਣੀ। ਪੀਵੀ ਸਿੰਧੂ ਦਾ ਓਲੰਪਿਕ 'ਚ ਇਹ ਦੂਜਾ ਮੈਡਲ ਹੈ। ਭਾਰਤ ਲਈ ਬੈਡਮਿੰਟਨ 'ਚ ਦੋ-ਦੋ ਤਗਮੇ ਜਿੱਤਣ ਵਾਲੇ ਉਹ ਇਕੋ-ਇਕ ਮਹਿਲਾ ਖਿਡਾਰਨ ਬਣੀ ਅਤੇ ਇਤਿਹਾਸ ਰਚ ਦਿੱਤਾ। ਇਹੀ ਨਹੀਂ, ਭਾਰਤ ਲਈ ਕਿਸੇ ਵੀ ਖੇਡ 'ਚ ਵੁਹ ਦੋ-ਦੋ ਤਗਮੇ ਜਿੱਤਣ ਵਾਲੀ ਪਹਿਲੀ ਭਾਰਤੀ ਮਹਿਲਾ ਅਥਲੀਟ ਵੀ ਬਣ ਗਈ ਹੈ। ਕਾਂਸੀ ਤਗਮੇ ਲਈ ਹੋਏ ਮੁਕਾਬਲੇ 'ਚ ਪੀਵੀ ਸਿੰਧੂ ਨੇ ਵਿਰੋਧੀ ਖਿਡਾਰਨ ਬਿੰਗਜਿਆਓ ਨੂੰ ਪਹਿਲੀ ਸੈੱਟ 'ਚ 21-13 ਨਾਲ ਹਰਾਇਆ। ਇਸ ਤੋਂ ਬਅਦ ਸਿੰਧੂ ਨੇ ਦੂਜੇ ਸੈੱਟ ਨੂੰ ਵੀ ਥੋੜ੍ਹੇ ਸੰਘਰਸ਼ ਤੋਂ ਬਾਅਦ 21-15 ਨਾਲ ਆਪਣੇ ਨਾਂ ਕਰ ਲਿਆ। ਟੋਕੀਓ ਓਲੰਪਿਕ 'ਚ ਸਿੰਧੂ ਦਾ ਸਫ਼ਰ ਕਾਫ਼ੀ ਸ਼ਾਨਦਾਰ ਰਿਹਾ। ਉਸ ਨੇ ਸ਼ੁਰੂਆਤ ਤੋਂ ਜਿੱਤ ਦੀ ਲੈਅ ਬਰਕਰਾਰ ਰੱਖੀ ਸੀ। ਹਾਲਾਂਕਿ, ਸੈਮੀਫਾਈਨਲ 'ਚ ਸਿਰਫ਼ ਇਕ ਹਾਰ ਮਿਲੀ ਸੀ, ਪਰ ਉਸ ਨੇ ਫਿਰ ਵਾਪਸੀ ਕੀਤੀ ਅਤੇ ਦੇਸ਼ ਲਈ ਤਗਮਾ ਜਿੱਤ ਲਿਆ।



# 41 ਸਾਲ ਬਾਅਦ ਭਾਰਤ ਨੇ ਪੁਰਸ਼ ਹਾਕੀ ਵਿੱਚ ਓਲੰਪਿਕ ਖੇਡਾਂ ਦੇ ਸੈਮੀਫਾਈਨਲ ਵਿੱਚ ਜਗ੍ਹਾ ਬਣਾਈ

**ਨਵੀਂ ਦਿੱਲੀ:** ਅੱਠ ਵਾਰ ਦੀ ਓਲੰਪਿਕ ਸੋਨ ਤਗਮਾ ਜੇਤੂ ਭਾਰਤੀ ਪੁਰਸ਼ ਹਾਕੀ ਟੀਮ ਨੇ ਟੋਕੀਓ ਓਲੰਪਿਕ ਦੇ ਸੈਮੀਫਾਈਨਲ ਵਿੱਚ ਜਗ੍ਹਾ ਬਣਾਈ। ਮਨਪ੍ਰੀਤ ਸਿੰਘ ਦੀ ਕਪਤਾਨੀ ਵਾਲੀ ਭਾਰਤੀ ਪੁਰਸ਼ ਹਾਕੀ ਟੀਮ ਨੇ ਐਤਵਾਰ ਨੂੰ ਕੁਆਰਟਰ ਫਾਈਨਲ ਵਿੱਚ ਬ੍ਰਿਟੇਨ ਨੂੰ 3-1 ਨਾਲ ਹਰਾਇਆ। ਇਸ ਮੈਚ ਵਿੱਚ ਭਾਰਤ ਲਈ ਦਿਲਪ੍ਰੀਤ ਸਿੰਘ, ਗੁਰਜੰਟ ਸਿੰਘ ਅਤੇ ਹਾਰਦਿਕ ਸਿੰਘ ਨੇ 1-1 ਗੋਲ ਕੀਤਾ, ਜਦਕਿ ਤੀਜੇ ਕੁਆਰਟਰ ਦੇ ਖਤਮ ਹੋਣ ਤੋਂ ਕੁਝ ਸਮਾਂ ਪਹਿਲਾਂ ਪੈਨਲਟੀ ਕਾਰਨਰ ਉੱਤੇ ਬਰਤਾਨੀਆ ਦਾ ਇੱਕੋ-ਇੱਕ ਗੋਲ ਵਾਰਡ ਨੇ ਕੀਤਾ। ਭਾਰਤ ਅਤੇ ਬ੍ਰਿਟੇਨ ਓਲੰਪਿਕਸ ਵਿੱਚ 9ਵੀਂ ਵਾਰ ਮਿਲੇ ਸਨ ਅਤੇ ਭਾਰਤ ਨੇ ਹੁਣ ਜਿੱਤ-ਹਾਰ ਦਾ ਰਿਕਾਰਡ 5-4 ਕਰ ਲਿਆ ਹੈ। ਕੁਆਰਟਰ ਫਾਈਨਲ ਮੈਚ ਵਿੱਚ ਭਾਰਤੀ ਟੀਮ ਨੇ ਵਧੀਆ ਪ੍ਰਦਰਸ਼ਨ ਕੀਤਾ। ਪਹਿਲੇ ਕੁਆਰਟਰ ਵਿੱਚ ਹੀ ਉਸਨੇ ਦਿਲਪ੍ਰੀਤ ਸਿੰਘ ਦੇ ਗੋਲ ਨਾਲ ਲੀਡ ਹਾਸਲ ਕੀਤੀ। ਇਸ ਤੋਂ ਬਾਅਦ ਦੂਜੇ ਕੁਆਰਟਰ ਵਿੱਚ




ਗੁਰਜੰਟ ਸਿੰਘ ਦੇ ਗੋਲ ਨੇ ਵਾਧਾ ਦੁੱਗਣਾ ਕਰ ਦਿੱਤਾ। ਅੱਧੇ ਸਮੇਂ ਤੱਕ ਸਕੋਰ ਭਾਰਤ ਦੇ ਪੱਖ ਵਿੱਚ 2-0 ਰਿਹਾ। ਤੀਜੇ ਕੁਆਰਟਰ ਦੀ ਸਮਾਪਤੀ ਤੋਂ ਤਕਰੀਬਨ ਇੱਕ ਮਿੰਟ ਪਹਿਲਾਂ ਬ੍ਰਿਟੇਨ ਨੂੰ ਪੈਨਲਟੀ ਕਾਰਨਰ ਮਿਲਿਆ ਪਰ ਉਹ ਇਸਨੂੰ ਗੋਲ ਵਿੱਚ ਤਬਦੀਲ ਨਹੀਂ ਕਰ ਸਕਿਆ। ਇਸ ਕੁਆਰਟਰ ਦੀ ਸਮਾਪਤੀ ਤੋਂ ਕੁਝ ਪਲਾਂ ਪਹਿਲਾਂ, ਬ੍ਰਿਟੇਨ ਨੂੰ ਇੱਕ ਹੋਰ ਪੈਨਲਟੀ ਕਾਰਨਰ ਮਿਲਿਆ, ਜਿਸ ਨਾਲ ਉਸਨੇ ਸਕੋਰ 1-2 ਕਰ ਦਿੱਤਾ। ਚੌਥੇ ਕੁਆਰਟਰ ਦੀ ਸਮਾਪਤੀ ਤੋਂ ਕਰੀਬ 6 ਮਿੰਟ ਪਹਿਲਾਂ ਭਾਰਤ ਨੂੰ ਪੈਨਲਟੀ ਕਾਰਨਰ ਮਿਲਿਆ ਅਤੇ ਕਪਤਾਨ ਮਨਪ੍ਰੀਤ ਸਿੰਘ ਨੂੰ ਪੀਲਾ ਕਾਰਡ ਦਿਖਾਇਆ ਗਿਆ। ਇਸ ਦੌਰਾਨ ਮਿਡਫੀਲਡਰ ਹਾਰਦਿਕ ਸਿੰਘ ਨੇ ਸ਼ਾਨਦਾਰ ਤੇਜ਼ੀ ਦਿਖਾਉਂਦੇ ਹੋਏ ਮੈਦਾਨੀ ਗੋਲ ਕੀਤਾ ਅਤੇ ਸਕੋਰ 3-1 ਕਰ ਦਿੱਤਾ। ਇਸ ਸਕੋਰ ਨਾਲ ਭਾਰਤ ਜਿੱਤ ਗਿਆ। ਭਾਰਤ 3 ਅਗਸਤ ਨੂੰ ਹੋਣ ਵਾਲੇ ਸੈਮੀਫਾਈਨਲ ਮੈਚ ਵਿੱਚ ਬੈਲਜੀਅਮ ਨਾਲ ਭਿੜੇਗਾ। ਬੈਲਜੀਅਮ ਨੇ ਕੁਆਰਟਰ ਫਾਈਨਲ ਵਿੱਚ ਸਪੇਨ ਨੂੰ 3-1 ਨਾਲ ਹਰਾਇਆ। ਦੂਜੇ ਸੈਮੀਫਾਈਨਲ ਵਿੱਚ ਆਸਟਰੇਲੀਆ ਅਤੇ ਜਰਮਨੀ ਆਹਮੋ-ਸਾਹਮਣੇ ਹੋਣਗੇ।

OUR PARTNERS IN PROMOTION
WORLD PUNJABI NEWS NETWORK


WHITECLOUD INTERNATIONAL
WEB PRESENCE PROVIDER

SmartBrainz
EXPLORE. CHOOSE. BUY.
TECHNOLOGY PROVIDER

WORLD PUNJABI NEWS NETWORK
NEWS & MEDIA PARTNER

ADVERTISE WITH US
+91 98155 88388
worldpunjabinews@gmail.com

# ਔਰਤਾਂ ਦੀ ਸੜਕ ਸੰਸਦ, ਕਿਸਾਨ ਘੋਲ ਅਤੇ ਚੋਣਾਂ



ਜਦੋਂ ਦੇਸ਼ ਵਿਚ ਖੌਫ਼, ਬੇਵਸੀ ਜਾਂ ਨਿਰਾਸ਼ਾ ਨਾਲ ਸੜਕਾਂ ਸੁੰਨੀਆਂ ਹੋ ਜਾਣ, ਕੋਈ ਆਵਾਜ਼ ਨਾ ਉੱਠੇ ਤੇ ਸਿਰਫ਼ ਚੁੱਪ ਪਸਰ ਜਾਏ, ਬੰਦ ਖਾਨਿਆਂ ਵਿਚੋਂ ਆਵਾਜ਼ ਅੰਦਰ ਹੀ ਪਰਤ ਆਏ, ਉਸ ਵੇਲੇ ਕਿਹਾ ਜਾਂਦਾ ਹੈ ਕਿ ਸੰਸਦ ਬੇਅਸਰ ਹੋ ਜਾਂਦੀ ਹੈ। ਉਹ ਆਪਣੇ ਆਪ ਨੂੰ ਜਵਾਬਦੇਹੀ ਤੋਂ ਮੁਕਤ ਕਰ ਲੈਂਦੀ ਹੈ। ਲੋਕਾਂ ਦੀ ਚੁਣੀ ਹੋਈ ਸਰਕਾਰ ਲੋਕਾਂ ਦੀ ਨਹੀਂ, ਆਪਣੇ ਮਨ ਦੀ ਬਾਤ ਕਰਦੀ ਹੈ। ਉਹ ਹਰ ਆਵਾਜ਼ ਜਿਸ ਨੂੰ ਉਹ ਸੁਣਨਾ ਨਹੀਂ ਚਾਹੁੰਦੀ, ਨੂੰ ਦਬਾ ਕੇ ਅਤੇ ਬਾਹਰ ਪਸਰੀ ਚੁੱਪ ਨੂੰ ਸਹਿਮਤੀ ਦਾ ਨਾਂ ਦੇ ਕੇ ਉਹ (ਸਰਕਾਰ) ਸੰਸਦ ਵਿਚ ਛਾਤੀ ਠੋਕ ਕੇ ਬਿਆਨ ਦਿੰਦੀ ਹੈ। ਉਹ ਨਿਸ਼ੰਗ ਆਖਦੀ ਹੈ ਕਿ ਦੂਜੀ ਕਰੋਨਾ ਲਹਿਰ ਦੌਰਾਨ ਇਕ ਵੀ ਮਰੀਜ਼ ਆਕਸੀਜਨ ਦੀ ਕਮੀ ਕਾਰਨ ਨਹੀਂ ਮਰਿਆ ਅਤੇ ਐਲਾਨ ਕਰਦੀ ਹੈ ਕਿ ਪੈਗਾਸਸ ਜਾਸੂਸੀ ਸਰਕਾਰ ਖ਼ਿਲਾਫ਼ ਰਚੀ ਜਾ ਰਹੀ ਸਾਜ਼ਿਸ਼ ਹੈ; ਉਹ ਦਾਅਵਾ ਕਰਦੀ ਹੈ ਕਿ ਸਰਕਾਰ ਦੇਸ਼ ਦੇ ਕਿਸਾਨਾਂ ਦੀ ਹਿਤੈਸ਼ੀ ਹੈ; ਕਿਸਾਨ ਹੀ ਨਹੀਂ ਦੱਸ ਰਹੇ ਕਿ ਖੇਤੀ ਕਾਨੂੰਨਾਂ ਵਿਚ ਗ਼ਲਤ ਕੀ ਹੈ ਅਤੇ ਇਸੇ ਹੀ ਤਰ੍ਹਾਂ ਦਾ ਹੋਰ ਬਹੁਤ ਕੁਝ। ਉਹ ਵਿਰੋਧੀ ਧਿਰਾਂ ਦੀ ਗੱਲ ਵੀ ਨਹੀਂ ਗੌਲਦੀ।

ਅੱਠ ਮਹੀਨਿਆਂ ਤੋਂ ਦਿੱਲੀ ਦੀ ਬਰੂਹਾਂ ’ਤੇ ਡਟੀਆਂ ਕਿਸਾਨ ਔਰਤਾਂ ਅਤੇ ਮਰਦਾਂ ਨੇ ਐਲਾਨ ਕੀਤਾ ਕਿ ਜੇ ਦੇਸ਼ ਦੀ ਸੰਸਦ ਵਿਚ ਕਿਸਾਨ ਵਿਰੋਧੀ ਕਾਨੂੰਨ ਹੀ ਬਣਨੇ ਹਨ ਤਾਂ ਇਕ ਸੰਸਦ ਸੜਕ ’ਤੇ ਲੱਗੇਗੀ; ਇਹ ਕਿਸਾਨਾਂ ਦੀ ਸੰਸਦ ਹੋਵੇਗੀ ਤੇ ਜੋ ਬਹਿਸ ਖੇਤੀ ਕਾਨੂੰਨਾਂ ’ਤੇ ਨਹੀਂ ਕਰਨ ਦਿੱਤੀ ਗਈ, ਉਹ ਬਹਿਸ ਕਿਸਾਨ ਸੰਸਦ ਵਿਚ ਹੋਵੇਗੀ। ਇਹ ਕਿਸਾਨਾਂ ਦੇ ਮਜ਼ਬੂਤ ਘੋਲ ਦਾ ਨਤੀਜਾ ਹੈ ਕਿ ਦਿੱਲੀ ਪ੍ਰਸ਼ਾਸਨ ਨੇ ਕੇਂਦਰੀ ਦਿੱਲੀ ਦੇ ਜੰਤਰ ਮੰਤਰ ਵਿਚ ਹਰ ਰੋਜ਼ 200 ਕਿਸਾਨਾਂ ਦੀ ਸੰਸਦ ਚੱਲਣ ਦੀ ਤਜਵੀਜ਼ ਮੰਨੀ। 26 ਜੁਲਾਈ ਕਿਸਾਨੀ ਘੋਲ ਦੇ 8 ਮਹੀਨੇ ਪੂਰੇ ਹੋਣ ਤੇ ਕਿਸਾਨ ਸੰਸਦ ਦੀ ਅਗਵਾਈ ਔਰਤਾਂ ਨੇ ਕੀਤੀ। ਇਹ ਇਤਿਹਾਸਕ ਪਲ ਸੀ। 200 ਦੇ ਕਰੀਬ ਔਰਤਾਂ ਨੇ ਸਿੰਘੂ ਬਾਰਡਰ ਤੋਂ ਜੰਤਰ ਮੰਤਰ ਤਕ ਤਕਰੀਬਨ 40 ਕਿਲੋਮੀਟਰ ਦਾ ਰਸਤਾ ਬੱਸਾਂ ਰਾਹੀਂ ਤੈਅ ਕੀਤਾ। ਔਰਤਾਂ ਗੀਤਾਂ, ਨਾਅਰਿਆਂ, ਰਾਗਣੀਆਂ ਤੇ ਜਾਗੋਆਂ ਨਾਲ ਲੈਸ ਸਨ। ਸਾਰਾ ਰਾਹ ਉਹ ਗਾਉਂਦੀਆਂ ਰਹੀਆਂ- ਨਵੇਂ ਗੀਤ - ਜਿਨ੍ਹਾਂ ਵਿਚ ਸ਼ਾਮਿਲ ਸੀ ਖੇਤੀ ਕਿਸਾਨੀ ਦੇ ਸੰਕਟ, ਸਰਕਾਰ ਦੀ ਜ਼ਿੱਦ ਅਤੇ ਲੋਕਾਂ ਦੇ ਹਿੱਤ, ਔਰਤਾਂ ਦੀ ਮਜ਼ਬੂਤੀ ਤੇ ਘਰਾਂ ਅੰਦਰ ਨਾ ਪਰਤ ਜਾਣ ਦੇ ਪ੍ਰਣ। ਔਰਤਾਂ ਕੋਲ ਬੋਲ ਸਨ; ਦੂਜੇ ਪਾਸੇ ਸਾਰੀ ਹਥਿਆਰਬੰਦ ਸੁਰੱਖਿਆ ਕਰਮੀਆਂ ਦੀਆਂ ਟੁਕੜੀਆਂ ਸਨ। ਔਰਤਾਂ ਬੇਖੌਫ਼ ਹੋ ਕੇ ਇਸ ਦਾ ਵੀ ਜਵਾਬ ਦਿੰਦੀਆਂ ਰਹੀਆਂ- ‘ਜਦੋਂ ਸਰਕਾਰ ਡਰਦੀ ਹੈ, ਪੁਲੀਸ ਨੂੰ ਅੱਗੇ ਕਰਦੀ ਹੈ।’

ਤਿੰਨ ਸਤਰਾਂ ਵਿਚ ਵੰਡ ਕੇ ਔਰਤਾਂ ਦੀ ਸੰਸਦ ਸਾਰਾ ਦਿਨ ਚੱਲੀ। ਅਤਿ ਦੀ ਗਰਮੀ ਤੇ ਹੁੰਮਸ ਦੇ ਬਾਵਜੂਦ ਖੁੱਲ੍ਹ ਕੇ ਗੱਲਬਾਤ ਹੋਈ। ਸੰਸਦ ਮੈਂਬਰ ਦੀ ਭੂਮਿਕਾ ਨਿਭਾ ਰਹੀਆਂ ਔਰਤਾਂ ਨੇ ਸਦਨ ਦੇ ਸਾਹਮਣੇ ‘ਜ਼ਰੂਰੀ ਵਸਤਾਂ ਸੋਧ ਐਕਟ’ ਦੇ ਗ਼ਰੀਬ ਤੇ ਔਰਤ ਮਾਰੂ ਪਹਿਲੂਆਂ ਉੱਤੇ ਤਿੱਖੇ ਪ੍ਰਤੀਕਰਮ ਦਿੱਤੇ ਅਤੇ ਸਵਾਲ ਉਠਾਏ। ਦੱਸਿਆ ਗਿਆ ਕਿ ਜ਼ਰੂਰੀ ਵਸਤਾਂ ਸੋਧ ਐਕਟ ਕਿਵੇਂ ਥਾਲੀ ਵਿਚੋਂ ਰੋਟੀ ਖੋਂਹਦਾ ਅਤੇ ਖ਼ੁਰਾਕ ਸੁਰੱਖਿਆ ’ਤੇ ਹਮਲਾ ਕਰਦਾ ਹੈ। ਨਾ ਕੇਵਲ ਪੇਂਡੂ ਅਤੇ ਸ਼ਹਿਰੀ ਗ਼ਰੀਬ ਜੋ ਅਨਾਜ ਦੀ ਜਨਤਕ ਖਰੀਦ ਤੇ ਵੰਡ ਪ੍ਰਣਾਲੀ ’ਤੇ ਨਿਰਭਰ ਹਨ, ਨੂੰ ਵੱਡੀ ਅਸੁਰੱਖਿਆ ਵੱਲ ਧੱਕਦਾ ਹੈ; ਹੇਠਲੇ ਮੱਧ ਵਰਗ ਨੂੰ ਵੀ ਸੱਟ ਮਾਰਦਾ ਹੈ। ਉਨ੍ਹਾਂ ਖ਼ੁਰਾਕ ਦੀ ਖਰੀਦ ਤੇ ਵੰਡ ਦੇ ਵਿਚਕਾਰ ਸਬੰਧਾਂ ਨੂੰ ਰੇਖਾਂਕਿਤ ਕੀਤਾ ਅਤੇ ਤਿੰਨੇ ਕਾਨੂੰਨਾਂ ਦੇ ਆਪਸੀ ਸਬੰਧ ਨੂੰ ਉਜਾਗਰ ਕੀਤਾ। ਔਰਤਾਂ ਨੇ ਸਵਾਲ ਉਠਾਇਆ ਕਿ ਭਾਰਤ ਵਰਗਾ ਦੇਸ਼ ਜੋ ਸੰਸਾਰ ਭੁੱਖ ਇੰਡੈਕਸ ਵਿਚ 107 ਦੇਸ਼ਾਂ ਵਿਚੋਂ 94 ਵੇਂ ਨੰਬਰ ’ਤੇ ਹੈ, ਜਿੱਥੇ 15 ਫ਼ੀਸਦ ਆਬਾਦੀ ਕੁਪੋਸ਼ਣ ਨਾਲ ਪੀੜਤ ਹੈ ਅਤੇ 35 ਫ਼ੀਸਦ ਬੱਚਿਆਂ ਦਾ ਕੱਦ ਉਸ ਤੋਂ ਘੱਟ ਜੋ ਉਨ੍ਹਾਂ ਦੀ ਉਮਰ ਅਨੁਸਾਰ ਹੋਣਾ ਚਾਹੀਦਾ ਹੈ, ਜੇ ਦੇਸ਼ ਦੀ ਸਰਕਾਰ ਖ਼ੁਰਾਕ ਸੁਰੱਖਿਆ ਨੂੰ ਅੱਖੋਂ-ਪਰੋਖੇ ਕਰਦੀ ਹੈ ਤਾਂ ਸਾਫ਼ ਜ਼ਾਹਿਰ ਹੈ ਕਿ ਸਰਕਾਰ ਲੋਕਾਂ ਦੀ ਨਹੀਂ ਸਗੋਂ ਕਾਰਪੋਰੇਟ ਅਦਾਰਿਆਂ ਦੀ ਹੈ। ਉਨ੍ਹਾਂ ਹੱਥ ਚੁੱਕ ਕੇ ਇਸ ਗ਼ਲਤ ਕਾਨੂੰਨ ਨੂੰ ਰੱਦ ਕੀਤਾ। ਔਰਤਾਂ ਦੀ ਸੰਸਦ ਵਿਚ ਵੱਡੀ ਗਿਣਤੀ ਨੌਜਵਾਨ ਔਰਤਾਂ ਦੀ ਸੀ ਜਿਨ੍ਹਾਂ ਆਪਣਾ ਪੱਖ ਮਜ਼ਬੂਤੀ ਨਾਲ ਰੱਖਿਆ।

ਔਰਤਾਂ ਨੇ ਸੰਸਦ ਵਿਚ ਕੁਝ ਅਹਿਮ ਮਤੇ ਪਾਸ ਕੀਤੇ ਜਿਨ੍ਹਾਂ ਵਿਚ ਸੰਸਦ ਵਿਚ 33 ਫ਼ੀਸਦੀ ਰਾਖਵੇਂਕਰਨ ਦੀ ਮੰਗ ਜੋ ਪਿਛਲੇ 25 ਵਰ੍ਹਿਆਂ ਤੋਂ ਅਣਸੁਣੀ ਪਈ ਹੈ, ਵੀ ਸ਼ਾਮਿਲ ਸੀ। ਸਾਫ਼ ਜ਼ਾਹਿਰ ਹੈ ਕਿ ਔਰਤਾਂ ਖੇਤੀ ਦੇ ਮਸਲਿਆਂ ਬਾਰੇ ਪੂਰੀ ਸਮਝ ਨਾਲ ਲੜ ਰਹੀਆਂ ਹਨ ਪਰ ਨਾਲ ਹੀ ਔਰਤਾਂ ਦੀਆਂ ਮੰਗਾਂ ਨੂੰ ਵੀ ਘੋਲ ਦੇ ਦਾਇਰੇ ਵਿਚ ਸ਼ਾਮਿਲ ਕਰ ਰਹੀਆਂ ਹਨ। ਉਨ੍ਹਾਂ ਕਿਸਾਨ ਸੰਘਰਸ਼ ਵਿਚ ਔਰਤਾਂ ਦੀ ਭੂਮਿਕਾ ਬਾਰੇ ਵੀ ਗੱਲ ਛੋਹੀ। ਪੁੱਛਿਆ ਕਿ ਕਿੱਥੇ ਖੜ੍ਹੀਆਂ ਹਨ ਕਿਸਾਨ ਔਰਤਾਂ ਜਥੇਬੰਦੀਆਂ ਵਿਚ? ਕਿਉਂ ਗਾਇਬ ਹਨ ਔਰਤਾਂ ਮਹੱਤਵਪੂਰਨ ਕਮੇਟੀਆਂ ਵਿਚੋਂ? ਔਰਤਾਂ ਨੇ ਸ਼ਹੀਦ ਹੋਏ ਕਿਸਾਨਾਂ ਦੀਆਂ ਪਤਨੀਆਂ ਦੀ ਬਾਂਹ ਫੜਨ ਦੀ ਮੰਗ ਵੀ ਚੁੱਕੀ।

ਕਿਸਾਨ ਸੰਸਦ ਵਿਚ ਜ਼ਾਹਿਰਾ ਤੌਰ ’ਤੇ ਮਜ਼ਦੂਰ ਸ਼ਾਮਿਲ ਨਹੀਂ ਹਨ ਤੇ ਇਹ ਗੱਲ ਵੱਖਰੀ ਚਰਚਾ ਮੰਗਦੀ ਹੈ ਕਿ ਇਹ ਸਾਂਝਾ ਲੜਿਆ ਜਾ ਰਿਹਾ ਘੋਲ ਕਿਸ ਤਰ੍ਹਾਂ ਦੀ ਸਾਂਝ ਪੁਗਾ ਰਿਹਾ ਹੈ। ਔਰਤਾਂ ਦੀ ਸੰਸਦ ਵਿਚ ਕੁਝ ਮਜ਼ਦੂਰ ਔਰਤਾਂ ਸ਼ਾਮਿਲ ਹੋਈਆਂ ਜਿਨ੍ਹਾਂ ਨੇ ਵਸੀਲਿਆਂ ਦੀ ਅਣਹੋਂਦ ਵਾਲੇ ਤਬਕੇ ਦੀਆਂ ਔਰਤਾਂ ਦੇ ਪੱਖ ਤੋਂ ਜ਼ਰੂਰੀ ਵਸਤਾਂ ਸੋਧ ਕਾਨੂੰਨ ਦੀ ਸਾਰਥਿਕਤਾ ਨੂੰ ਚੁਣੌਤੀ ਦਿੱਤੀ ਪਰ ਛੇਤੀ ਹੀ ਇਹ ਗੱਲ ਵੀ ਉੱਠੀ ਕਿ ਵੱਡੀ ਗਿਣਤੀ ਵਿਚ ਔਰਤਾਂ ਵਸੀਲਿਆਂ ਦੀ ਮਲਕੀਅਤ ਤੋਂ ਔਰਤਾਂ ਵਾਂਝੀਆਂ ਹਨ ਤੇ ਇਸ ਤਰ੍ਹਾਂ ਇਹ ਅਣਹੋਂਦ ਲਗਭੱਗ ਸਾਰੀਆਂ ਔਰਤਾਂ ਦਾ ਸਾਂਝਾ ਤਜਰਬਾ ਹੈ। ਸਪੱਸ਼ਟ ਤੌਰ ’ਤੇ, ਇਕ ਵਾਰ ਫਿਰ ਔਰਤਾਂ ਦੀ ਸੰਸਦ ਨੇ ਤਿੰਨ ਖੇਤੀ ਕਾਨੂੰਨਾਂ ਨੂੰ ਰੱਦ ਕਰਨ ਲਈ ਸ਼ੁਰੂ ਹੋਏ ਕਿਸਾਨੀ ਘੋਲ ਨੂੰ ਆਪਣੇ ਤਜਰਬਿਆਂ, ਹੋਂਦ ਅਤੇ ਦ੍ਰਿਸ਼ਟੀਕੋਣ ਤੋਂ ਹੋਰ ਵਿਸਥਾਰਿਆ ਅਤੇ ਸਰਕਾਰ, ਸਮਾਜ ਤੇ ਜਥੇਬੰਦੀਆਂ ਤੋਂ ਜਵਾਬਦੇਹੀ ਦਾ ਘੇਰਾ ਵਧਾਇਆ। ਕਿਸਾਨੀ ਦਾ ਲਾਮਿਸਾਲ ਸੰਘਰਸ਼, ਔਰਤਾਂ ਦੀ ਵੱਡੀ ਸ਼ਮੂਲੀਅਤ, ਕਿਸਾਨ ਸੰਸਦ ਦਾ ਸੰਕੇਤਕ ਐਕਟ, ਭਾਰਤ ਦੀ ਖੋਖਲੀ ਹੋ ਰਹੀ ਜਮਹੂਰੀਅਤ ਅਤੇ ਨਾਉਮੀਦੀ ਦੀ ਫਿਜ਼ਾ ਵਿਚ ਚਾਨਣ ਬਣ ਕੇ ਉੱਭਰਿਆ। ਇਸ ਨੇ ਦੇਸ਼ ਵਿਦੇਸ਼ ਤੋਂ ਰੱਜ ਕੇ ਹਮਾਇਤ ਹਾਸਿਲ ਕੀਤੀ। ਕਿਸਾਨ ਸੰਸਦ ਨੇ ਇਕ ਵਾਰ ਫਿਰ ਲੋਕਾਂ ਦਾ ਧਿਆਨ ਕਿਸਾਨੀ ਘੋਲ ਵੱਲ ਖਿੱਚਿਆ ਅਤੇ ਘੋਲ ਦੇ ਪੈਗ਼ਾਮ ਨੂੰ ਵਧਾਉਣ ਵਿਚ ਹਿੱਸਾ ਪਾਇਆ। ਅੱਜ ਤਕਰੀਬਨ ਹਰ ਵਿਰੋਧੀ ਪਾਰਟੀ ਕਿਸਾਨੀ ਨਾਲ ਖੜ੍ਹੇ ਹੋਣ ਦਾ ਦਾਅਵਾ ਕਰ ਰਹੀ ਹੈ। ਸੰਘਰਸ਼ ਪੱਕੇ ਪੈਰੀਂ ਹੈ, ਸ਼ਾਇਦ ਹੁਣ ਲੋੜ ਹੈ ਇਸ ਤਾਕਤ ਨੂੰ ਪੱਕੇ ਪੈਰੀਂ ਕਰਨ ਅਤੇ ਸਪੱਸ਼ਟ ਰਣਨੀਤੀ ਘੜਨ ਦੀ ਜਿਸ ਵਿਚ ਅਗਾਮੀ ਚੋਣਾਂ ਲਈ ਰਣਨੀਤੀ ਵੀ ਸ਼ਾਮਿਲ ਹੈ। ਜ਼ਾਹਿਰ ਹੈ ਕਿ ਸੰਸਦ ਤੇ ਕਾਬਜ਼ ਪਾਰਟੀ ਜੋ ਵਿਸ਼ਵਾਸ ਨਾਲ ਨਹੀਂ ਬਲਕਿ ਲੋਕਾਂ ਨੂੰ ਸਿਆਸੀ ਤੇ ਵਿਚਾਰਧਾਰਕ ਭੁਲੇਖਿਆਂ ’ਚ ਪਾ ਕੇ ਕਾਬਜ਼ ਹੋਈ ਹੈ। ਉਸ ਨੂੰ ਹਰ ਹਾਲ ਫੇਟ ਲਾਈ ਜਾਏ। ਇਹ ਪਹਿਲਾ ਸਿਧਾਂਤਕ ਕਦਮ ਹੋ ਸਕਦਾ ਹੈ।

ਦੂਸਰਾ ਕੰਮ ਵਿਰੋਧੀ ਧਿਰਾਂ ਨੂੰ ਇਹ ਪੁੱਛਣਾ ਹੈ ਕਿ ਉਹ ਕਿਸਾਨੀ ਦੇ ਨਾਲ ਹਨ ਪਰ ਨਾਲ ਹੋਣ ਦੇ ਅਰਥ ਕੀ ਹਨ? ਉਹ ਆਪਣਾ ਸਟੈਂਡ ਸਪੱਸ਼ਟ ਦੱਸਣ। ਕਿਸਾਨ ਹਰਗਿਜ਼ ਨਹੀਂ ਚਾਹੁੰਦੇ ਕਿ ਪਾਰਟੀਆਂ ਬਿਨਾ ਸੋਚੇ ਵਿਚਾਰੇ ਵਾਅਦੇ ਵੰਡਣ- ਕਾਨੂੰਨ ਵਾਪਸੀ, ਮੁਫ਼ਤ ਬਿਜਲੀ, ਕਰਜ਼ਿਆਂ ’ਤੇ ਲੀਕ, ਜਾਂ ਇਸੇ ਤਰ੍ਹਾਂ ਦਾ ਕੁਝ ਹੋਰ। ਕਿਸਾਨ ਚਾਹੁੰਦੇ ਹਨ ਕਿ ਉਹ ਖੇਤੀ ਸੰਕਟ ਬਾਰੇ ਸੋਚਣ ਤੇ ਆਪਣੀ ਸਮਝ ਜਨਤਕ ਕਰਨ। ਖੇਤੀ ਸੰਕਟ ਤਿੰਨ ਕਾਨੂੰਨਾਂ ਤੋਂ ਪਹਿਲਾਂ ਵੀ ਸੀ ਤੇ ਜੇ ਤਿੰਨ ਕਾਨੂੰਨ ਰੱਦ ਹੋ ਜਾਣ ’ਤੇ ਵੀ ਬਰਕਰਾਰ ਰਹੇਗਾ। ਇਹ ਪਾਰਟੀਆਂ ਕਿਸਾਨੀ ਨੂੰ ਬਚਾਉਣ ਲਈ ਕੀ ਨੀਤੀ ਸੁਝਾਉਂਦੀਆਂ ਹਨ? ਭਾਰਤ ਦੇ ਵਿਕਾਸ ਵਿਚ ਖੇਤੀ ਦੀ ਹੋਂਦ ਦੇ ਸਵਾਲ ਨੂੰ ਕਿਵੇਂ ਸਮਝਦੀਆਂ ਹਨ? ਕੀ ਲੋਕਾਂ ਨੂੰ ਖੇਤੀ ਵਿਚੋਂ ਕੱਢ ਕੇ ਸ਼ਹਿਰਾਂ ਵੱਲ ਧਕੇਲਣਾ ਲੋਕਾਂ ਦੀ ਬਿਹਤਰੀ ਲਈ ਹੈ? ਕੀ ਸ਼ਹਿਰੀ ਪਰਵਾਸੀ ਮਜ਼ਦੂਰ ਪੇਂਡੂ ਪਰਿਵਾਰ ਦੀ ਖੇਤੀ ਕਮਾਈ ਵਿਚ ਵਾਧਾ ਕਰ ਰਿਹਾ ਹੈ? ਸਪੱਸ਼ਟ ਦੱਸਣ ਕਿ ਮੌਜੂਦਾ ਵਿਕਾਸ ਮਾਡਲ ਵਿਚ ਕੌਣ ਕਿਸ ਨੂੰ ਰਾਹਤ () ਦੇ ਰਿਹਾ ਹੈ। ਔਰਤਾਂ ਵਿਕਾਸ ਦੇ ਮਾਡਲ ਵਿਚ ਕਿਵੇਂ ਸ਼ਾਮਿਲ ਹਨ? ਔਰਤਾਂ ਨੂੰ ਰੁਜ਼ਗਾਰ, ਸਰੀਰਕ ਸੁਰੱਖਿਆ ਤੇ ਨਾਗਰਿਕਤਾ ਦੇ ਹੱਕ ਕਿਵੇਂ ਨਿਸ਼ਚਤ ਕੀਤੇ ਜਾਣਗੇ? ਸਾਡਾ ਭਵਿੱਖ ਕੀ ਹੈ? ਚੋਣਾਂ ਤੋਂ ਪਹਿਲਾਂ ਕਈ ਸਮਝੌਤੇ ਹੋ ਰਹੇ ਹਨ। ਇਨ੍ਹਾਂ ਵਿਚੋਂ ਕਈ ਜਾਤਾਂ ਦੀਆਂ ਵੋਟਾਂ ਦੇ ਜੋੜ-ਤੋੜ ਦੇ ਆਧਾਰ ’ਤੇ ਕੀਤੇ ਜਾ ਰਹੇ ਹਨ। ਕਿਸਾਨਾਂ ਦੀ ਇਨ੍ਹਾਂ ਵਿਚ ਦਿਲਚਸਪੀ ਨਹੀਂ। ਕਿਸਾਨਾਂ ਅਤੇ ਔਰਤਾਂ ਦੀ ਦਿਲਚਸਪੀ ਆਪਣੇ ਭਵਿੱਖ ਵਿਚ ਹੈ, ਆਪਣੀਆਂ ਔਰਤਾਂ ਦੇ ਭਵਿੱਖ ਵਿਚ, ਤੇ ਆਪਣੇ ਬੱਚਿਆਂ ਦੇ ਭਵਿੱਖ ਵਿਚ।

ਕਿਸਾਨ ਇਹ ਸਾਰੇ ਸਵਾਲ ਵਿਚਾਰ ਚੁੱਕੇ ਹਨ। ਮਹੀਨਿਆਂਬੱਧੀ ਚੱਲ ਰਹੇ ਕਿਸਾਨ ਮੋਰਚੇ ਕਿਸਾਨੀ ਲਈ ਸਕੂਲ ਹੋ ਨਿੱਬੜੇ ਹਨ- ਰੋਜ਼ ਦੀ ਲੱਗਦੀ ਸਟੇਜ ’ਤੇ ਹੁੰਦੇ ਖੁਲਾਸੇ, ਗੀਤ, ਸੰਗੀਤ, ਨਾਟਕ, ਵੱਖ ਵੱਖ ਸੂਬਿਆਂ ਦੇ ਕਿਸਾਨਾਂ ਦੇ ਤਜਰਬੇ- ਇਨ੍ਹਾਂ ਨੇ ਰਲ ਕੇ ਨਵਾਂ ਇਲਮ, ਨਵੀਂ ਸੂਝ ਸਿਰਜੀ ਹੈ। ਦੇਸੀ ਤੇ ਅੰਤਰ-ਦੇਸੀ ਨੀਤੀਆਂ ਦੇ ਸਬੰਧਾਂ ਦੀ ਸਮਝ ਪੈਦਾ ਕੀਤੀ ਹੈ ਅਤੇ ਸੰਸਦ ਵਿਚ ਘੜੀਆਂ ਨੀਤੀਆਂ ਦੀ ਜੋਟੀ ਬੇਨਕਾਬ ਕੀਤੀ ਹੈ। ਕਿਸਾਨੀ ਦਾ ਉਜਾੜਾ ਕਿਸ ਦਾ ਵਾਸਾ ਹੈ, ਕਿਸਾਨ ਸਮਝ ਚੁੱਕਾ ਹੈ। ਸਵਾਲ ਪੁੱਛ ਸਕਦਾ ਹੈ ਕਿ ਸਪੱਸ਼ਟ ਦੱਸੋ ਭੋਜਨ ਸੁਰੱਖਿਆ ਕਿਵੇਂ ਯਕੀਨੀ ਬਣੇਗੀ? ਕਰੋੜਾਂ ਛੋਟੇ ਕਿਸਾਨਾਂ ਦੀਆਂ ਜ਼ਮੀਨਾਂ ਅਤੇ ਰੁਜ਼ਗਾਰ ਕਿਵੇਂ ਸੁਨਿਸ਼ਚਤ ਹੋਣਗੇ? ਸੁਧਾਰਾਂ ਦੇ ਨਾਂ ਥੱਲੇ ਜ਼ਮੀਨ ਵਿਕਰੀ ਬਾਜ਼ਾਰ ਬਣਾਉਣਾ ਕਿਸ ਦਾ ਹਿੱਤ ਪੂਰੇਗਾ? ਮਿਹਨਤਕਸ਼ ਗ਼ਰੀਬ ਦੀ ਅਰਥਚਾਰੇ ਵਿਚ ਖੁਰਦੀ ਹੈਸੀਅਤ ਨੂੰ ਕਿਵੇਂ ਠੱਲ੍ਹ ਪਵੇਗੀ?

ਇਹ ਸਵਾਲ ਖੜ੍ਹੇ ਕਰਨੇ, ਇਨ੍ਹਾਂ ਬਾਰੇ ਸਮਝ ਪੈਦਾ ਕਰਨੀ ਤੇ ਇਨ੍ਹਾਂ ਨੂੰ ਵੱਡੀ ਜਨਤਕ ਬਹਿਸ ਦਾ ਹਿੱਸਾ ਬਣਾਉਣਾ, ਪਾਰਲੀਮਾਨੀ ਜਮਹੂਰੀਅਤ ਦਾ ਮਿਆਰ ਉੱਚਾ ਚੁੱਕੇਗਾ। ਚੋਣਾਂ ਲੜ ਰਹੀਆਂ ਪਾਰਟੀਆਂ ਨੂੰ ਲੋਕਾਂ ਦੀ ਆਵਾਜ਼ ਸੁਣਨ ’ਤੇ ਜਵਾਬ ਦੇਣ ਨੂੰ ਮਜਬੂਰ ਕਰੇਗਾ। ਇਹ ਨਿਖੇੜਾ ਕਰਨ ਵਿਚ ਮਦਦ ਕਰੇਗਾ ਕਿ ਲੋਕਾਂ ਦੀ ਅਣਦੇਖੀ ਕਰਨ ਦਾ ਅਪਰਾਧ ਕਰ ਰਹੀ ਪਾਰਟੀ ਅਤੇ ਸਰਕਾਰ ਕਿਸਾਨੀ ਦੇ ਭਵਿੱਖ ਦੀ ਭਾਈਵਾਲ ਕਿਵੇਂ ਹੋ ਸਕਦੀ ਹੈ। ਕਿਸਾਨ ਮਜ਼ਦੂਰ ਔਰਤਾਂ ਅਤੇ ਮਰਦਾਂ ਨੇ ਅੰਤਾਂ ਦੀਆਂ ਔਕੜਾਂ ਝੱਲ ਕੇ, ਸੜਕਾਂ ’ਤੇ ਉੱਤਰ ਕੇ ਜਮਹੂਰੀ ਰਵਾਇਤਾਂ ਬਚਾਈਆਂ ਹਨ ਤੇ ਦੇਸ਼ ਦੇ ਲੋਕਾਂ ਨੂੰ ਉਮੀਦ ਦਿੱਤੀ ਹੈ। ਸੜਕ ਦੀ ਸੰਸਦ ਤੋਂ ਬਾਅਦ ਕਿਸਾਨੀ ਸੰਘਰਸ਼ ਨਵੀਆਂ ਮੰਜ਼ਿਲਾਂ ਤੈਅ ਕਰੇਗਾ।

**ਨਵਸ਼ਰਨ ਕੌਰ**

# ਬਿਜਲੀ ਸਮਝੌਤਿਆਂ ਦਾ ਮਾਮਲਾ

ਪੰਜਾਬ ਸਰਕਾਰ ਵੱਲੋਂ ਪਾਵਰਕੌਮ ਨੂੰ ਨਿੱਜੀ ਥਰਮਲ ਕੰਪਨੀਆਂ ਦੇ ਸਮਝੌਤੇ ਰੱਦ ਕਰਨ ਦੀ ਕੀਤੀ ਹਦਾਇਤ ਨਾਲ ਸਮਝੌਤਿਆਂ ਦੀ ਵਾਜਬੀਅਤ ਬਾਰੇ ਮੁੜ ਚਰਚਾ ਛਿੜ ਗਈ ਹੈ। ਫਰਵਰੀ 2017 ਵਿਚ ਬਣੀ ਕਾਂਗਰਸ ਸਰਕਾਰ ਦੇ ਚੋਣ ਮਨੋਰਥ ਪੱਤਰ ਵਿਚ ਅਕਾਲੀ-ਭਾਜਪਾ ਦੇ ਦਸ ਸਾਲਾਂ ਦੌਰਾਨ ਬਿਜਲੀ ਖੇਤਰ ਦਾ ਵਿੱਤੀ ਆਡਿਟ ਕਰਵਾਉਣ ਅਤੇ ਨਿੱਜੀ ਕੰਪਨੀਆਂ ਨਾਲ ਕੀਤੇ ਸਮਝੌਤੇ ਮੁੜ ਵਿਚਾਰ ਕੇ ਰੱਦ ਕਰਨ ਦਾ ਵਾਅਦਾ ਕੀਤਾ ਗਿਆ ਸੀ। ਪੰਜਾਬ ਵਿਚ ਬਿਜਲੀ ਮਹਿੰਗੀ ਹੋਣ ਦਾ ਵੱਡਾ ਕਾਰਨ ਇਨ੍ਹਾਂ ਬਿਜਲੀ ਸਮਝੌਤਿਆਂ ਨੂੰ ਮੰਨਿਆ ਜਾ ਰਿਹਾ ਹੈ। ਮੁੱਖ ਮੰਤਰੀ ਨੇ 2020 ਦੇ ਬਜਟ ਸੈਸ਼ਨ ਦੌਰਾਨ ਬਿਜਲੀ ਸਮਝੌਤਿਆਂ ਬਾਰੇ ਵ੍ਹਾਈਟ ਪੇਪਰ ਲਿਆਉਣ ਦਾ ਐਲਾਨ ਕੀਤਾ ਸੀ ਜਿਸ ਨੂੰ ਇਸ ਸਾਲ ਲੰਘੇ ਬਜਟ ਸੈਸ਼ਨ ਵਿਚ ਰੱਖਿਆ ਜਾਣਾ ਸੀ। ਸਰਕਾਰ ਨੇ ਬਿਜਲੀ ਖੇਤਰ ਦਾ ਆਡਿਟ ਤਾਂ ਕਰਵਾਇਆ ਪਰ ਇਸ ਵਿਚੋਂ 2007 ਤੋਂ 2012 ਦੇ ਪਹਿਲੇ ਪੰਜ ਸਾਲ ਦਾ ਕਾਰਜਕਾਲ ਛੱਡ ਦਿੱਤਾ ਗਿਆ। ਬਿਜਲੀ ਸਮਝੌਤੇ ਉਨ੍ਹਾਂ ਹੀ ਪੰਜ ਸਾਲਾਂ ਦੌਰਾਨ ਹੋਏ ਸਨ।

ਦਲੀਲ ਦਿੱਤੀ ਜਾਂਦੀ ਰਹੀ ਹੈ ਕਿ ਸਮਝੌਤੇ ਰੱਦ ਕਰਨ ਨਾਲ ਨਿੱਜੀ ਖੇਤਰ ਦੇ ਸੂਬੇ ਵਿਚ ਨਿਵੇਸ਼ ਕਰਨ ਦੇ ਜਜ਼ਬਾਤ ਨੂੰ ਠੇਸ ਪਹੁੰਚੇਗੀ। ਇਸ ਸਮੇਂ ਹਾਲਾਤ ਬਦਲੇ ਹੋਏ ਹਨ। 2022 ਦੀਆਂ ਵਿਧਾਨ ਸਭਾ ਚੋਣਾਂ ਸਿਰ ’ਤੇ ਹਨ। ਝੋਨੇ ਦੀ ਲਵਾਈ ਦੌਰਾਨ ਬਿਜਲੀ ਦੀ ਵੱਡੀ ਪੱਧਰ ’ਤੇ ਕਮੀ ਨੇ ਸਰਕਾਰ ਲਈ ਕਸੂਤੀ ਸਥਿਤੀ ਪੈਦਾ ਕਰ ਦਿੱਤੀ ਸੀ। ਤਲਵੰਡੀ ਸਾਬੋ ਥਰਮਲ ਪਲਾਂਟ ਦਾ ਇਕ ਯੂਨਿਟ ਮਾਰਚ ਮਹੀਨੇ ਤੋਂ ਹੀ ਬੰਦ ਸੀ ਅਤੇ ਦੂਸਰੇ ਦੋ ਵੀ ਕਈ ਦਿਨਾਂ ਤੱਕ ਬੰਦ ਰਹੇ। ਹੁਣ ਇਸ ਨੂੰ ਆਧਾਰ ਬਣਾ ਕੇ ਸਮਝੌਤੇ ਰੱਦ ਕਰਨ ਦੀ ਗੱਲ ਹੋ ਰਹੀ ਹੈ। ਮਾਹਿਰਾਂ ਦਾ ਮੰਨਣਾ ਹੈ ਕਿ ਬਿਜਲੀ ਖ਼ਰੀਦ ਦੇ ਸਮਝੌਤੇ ਮੁਤਾਬਿਕ ਅਜਿਹੀ ਕੋਈ ਧਾਰਾ ਨਹੀਂ ਕਿ ਕਿਸੇ ਖ਼ਾਸ ਮੌਸਮ/ਸੀਜ਼ਨ ਦੌਰਾਨ ਬਿਜਲੀ ਸਪਲਾਈ ਘੱਟ ਹੋਣ ਕਰਕੇ ਸਮਝੌਤਾ ਰੱਦ ਕੀਤਾ ਜਾ ਸਕੇ। ਸਪਲਾਈ ਦਾ ਹਿਸਾਬ ਕਿਤਾਬ ਵਿੱਤੀ ਸਾਲ ਦੌਰਾਨ ਮੁਹੱਈਆ ਕਰਾਈ ਗਈ ਬਿਜਲੀ ’ਤੇ ਲਗਾਇਆ ਜਾਣਾ ਹੈ ਜੋ 31 ਮਾਰਚ 2022 ਨੂੰ ਪੂਰਾ ਹੋਵੇਗਾ। ਕੰਪਨੀ ਲਈ ਸਾਲ ਦੌਰਾਨ 65 ਫ਼ੀਸਦੀ ਤੋਂ ਵੱਧ ਬਿਜਲੀ ਦੇਣੀ ਜ਼ਰੂਰੀ ਹੈ। ਜੇਕਰ ਕੰਪਨੀ ਸਾਲ ਅੰਦਰ ਇਸ ਤੋਂ ਵੱਧ ਬਿਜਲੀ ਮੁਹੱਈਆ ਕਰਾਉਂਦੀ ਹੈ ਤਾਂ ਸਮਝੌਤਾ ਰੱਦ ਕਰਨ ਦੀ ਧਾਰਾ ਕੰਮ ਨਹੀਂ ਕਰ ਸਕੇਗੀ।

ਬਿਜਲੀ ਖੇਤਰ ਦੇ ਮਾਹਿਰਾਂ ਅਨੁਸਾਰ ਸਰਕਾਰ ਵ੍ਹਾਈਟ ਪੇਪਰ ਰਾਹੀਂ ਪਹਿਲੀ ਸਰਕਾਰ ਵੱਲੋਂ ਕੀਤੇ ਗਏ ਸਮਝੌਤਿਆਂ ਦਾ ਲੇਖਾ ਜੋਖਾ ਕਰਨ ਤੋਂ ਬਾਅਦ ਸਮਝੌਤਿਆਂ ਨੂੰ ਲੋਕ ਹਿੱਤ ਵਿਚ ਰੱਦ ਕਰਨ ਜਾਂ ਮੁੜ ਗੱਲਬਾਤ ਕਰ ਕੇ ਕੰਪਨੀਆਂ ਨੂੰ ਵਾਧੂ ਪੈਸਾ ਦਿੱਤੇ ਜਾਣ ਦੀਆਂ ਸ਼ਰਤਾਂ ਖ਼ਤਮ ਕਰਵਾ ਸਕਦੀ ਹੈ। ਕਾਂਗਰਸ ਦੇ ਨਵੇਂ ਬਣੇ ਪ੍ਰਧਾਨ ਨਵਜੋਤ ਸਿੱਧੂ ਨੇ ਵੀ ਮੁੱਖ ਮੰਤਰੀ ਨੂੰ ਦਿੱਤੇ ਪੰਜ ਨੁਕਾਤੀ ਮੰਗ ਪੱਤਰ ਵਿਚ ਬਿਜਲੀ ਸਮਝੌਤੇ ਰੱਦ ਕਰਨ ਨੂੰ ਮੁੱਖ ਮੁੱਦਾ ਬਣਾਇਆ ਹੈ। ਜੇਕਰ ਸਰਕਾਰ ਬਿਨਾਂ ਠੋਸ ਤੱਥਾਂ ਤੋਂ ਸਮਝੌਤੇ ਰੱਦ ਕਰਦੀ ਹੈ ਤਾਂ ਕੰਪਨੀਆਂ ਇਸ ਨੂੰ ਨਿਰੋਲ ਸਿਆਸੀ ਮਾਮਲਾ ਕਹਿ ਕੇ ਆਸਾਨੀ ਨਾਲ ਸਟੇਅ ਲੈ ਸਕਦੀਆਂ ਹਨ। ਇਕ ਹੋਰ ਤਕਨੀਕੀ ਨੁਕਤਾ ਕਿ ਮੰਤਰੀ ਮੰਡਲ ਦੀ ਮਨਜ਼ੂਰੀ ਨਾਲ ਹੋਏ ਸਮਝੌਤਿਆਂ ਨੂੰ ਪਾਵਰਕੌਮ ਕਿਵੇਂ ਰੱਦ ਕਰ ਸਕਦੀ ਹੈ, ਬਾਰੇ ਵੀ ਬਹਿਸ ਮੁਬਾਹਿਸਾ ਹੋ ਰਿਹਾ ਹੈ। ਸਰਕਾਰ ਨੂੰ ਇਸ ਬਾਰੇ ਮਾਹਿਰਾਂ ਦੀ ਰਾਇ ਲੈਣੀ ਚਾਹੀਦੀ ਹੈ।

## ਸੋਨੂੰ ਸੂਦ ਬਣੇ ਓਲੰਪਿਕ ਮੂਵਮੈਂਟ ਦੇ ਬ੍ਰਾਂਡ ਅੰਬੈਸਡਰ



**ਨਵੀਂ ਦਿੱਲੀ** : ਬਾਲੀਵੁੱਡ ਅਦਾਕਾਰ ਸੋਨੂੰ ਸੂਦ ਦੇ ਪ੍ਰਸ਼ੰਸਕਾਂ ਲਈ ਖੁਸ਼ਖਬਰੀ ਹੈ, ਜੋ ਗਰੀਬ, ਪਰੇਸ਼ਾਨ ਅਤੇ ਲੋੜਵੰਦਾਂ ਦੀ ਮਦਦ ਕਰਦੇ ਹਨ। ਹਾਲ ਹੀ ਵਿੱਚ ਦਿੱਗਜ਼ ਅਦਾਕਾਰ ਨੇ ਆਪਣਾ ਜਨਮਦਿਨ ਮਨਾਇਆ। ਇਸ ਮੌਕੇ ਸੋਨੂੰ ਸੂਦ ਦੇ ਪ੍ਰਸ਼ੰਸਕਾਂ ਤੋਂ ਇਲਾਵਾ ਕਰੀਬੀ ਦੋਸਤਾਂ ਅਤੇ ਬਾਲੀਵੁੱਡ ਸਿਤਾਰਿਆਂ ਨੇ ਉਨ੍ਹਾਂ ਦੇ ਜਨਮਦਿਨ ਦੀ ਵਧਾਈ ਦਿੱਤੀ। ਇਸ ਦੇ ਨਾਲ ਹੀ ਸੋਨੂੰ ਸੂਦ ਨੂੰ ਉਨ੍ਹਾਂ ਦੇ ਜਨਮਦਿਨ 'ਤੇ ਸਪੈਸ਼ਲ ਓਲੰਪਿਕ ਮੂਵਮੈਂਟ ਦਾ ਬ੍ਰਾਂਡ ਅੰਬੈਸਡਰ ਬਣਾਇਆ ਗਿਆ ਹੈ। ਇਸਦਾ ਐਲਾਨ ਹਾਲ ਹੀ ਵਿੱਚ ਸੋਨੂੰ ਸੂਦ ਨੇ ਭਾਰਤ ਦੇ ਵਿਸ਼ੇਸ਼ ਅਥਲੀਟਾਂ ਅਤੇ ਅਧਿਕਾਰੀਆਂ ਨਾਲ ਇੱਕ ਵਰਚੁਅਲ ਗੱਲਬਾਤ ਦੌਰਾਨ ਕੀਤਾ ਹੈ। ਸੋਨੂੰ ਸੂਦ ਨੇ ਕਿਹਾ, “ਅੱਜ ਮੇਰੇ ਲਈ ਬਹੁਤ ਹੀ ਖਾਸ ਦਿਨ ਹੈ ਅਤੇ ਮੈਂ ਸਪੈਸ਼ਲ ਓਲੰਪਿਕਸ ਇੰਡੀਆ ਨਾਲ ਜੁੜੇ ਹੋਣ ਦੇ ਇਸ ਸਫ਼ਰ ਵਿੱਚ ਸ਼ਾਮਲ ਹੋ ਕੇ ਬਹੁਤ ਖੁਸ਼ ਹਾਂ। ਮੈਂ ਆਪਣੇ ਆਪ ਨੂੰ ਖੁਸ਼ਕਿਸਮਤ ਸਮਝਦਾ ਹਾਂ। ਪਰਿਵਾਰ ਨਾਲ ਜੁੜਨ ਅਤੇ ਇਸ ਪਲੇਟਫਾਰਮ ਨੂੰ ਹੋਰ ਵੱਡਾ ਬਣਾਉਣ ਦਾ ਵਾਅਦਾ ਹੈ। ਸੋਨੂੰ ਸੂਦ ਨੇ ਕਿਹਾ, 'ਸਪੈਸ਼ਲ ਓਲੰਪਿਕਸ ਵਰਲਡ ਵਿੰਟਰ ਗੇਮਸ ਦੇ ਲਈ ਰੂਸ' ਚ ਸਾਡੀ ਟੀਮ ਦੇ ਨਾਲ ਹੋਣ ਦਾ ਮੌਕਾ ਮਿਲਣ 'ਤੇ ਮੈਂ ਮਾਣ ਮਹਿਸੂਸ ਕਰ ਰਿਹਾ ਹਾਂ। ਮੈਂ ਆਪਣੇ ਅਥਲੀਟਾਂ ਨੂੰ ਉਨ੍ਹਾਂ ਦਾ ਸਰਬੋਤਮ ਪ੍ਰਦਰਸ਼ਨ ਕਰਨ ਲਈ ਉਤਸ਼ਾਹਤ ਕਰਾਂਗਾ ਅਤੇ ਉਨ੍ਹਾਂ ਨੂੰ ਅਜਿਹੇ ਉਤਸ਼ਾਹ ਨਾਲ ਉਤਸ਼ਾਹਤ ਕਰਾਂਗਾ ਕਿ ਸਮਰਥਨ ਦੀ ਗੂੰਜ ਭਾਰਤ ਵਿੱਚ ਗੂੰਜੇਗੀ।

## ਜਦੋਂ ਮੀਨਾ ਕੁਮਾਰੀ ਨੇ ਮਸ਼ਹੂਰ ਡਾਕੂ ਦੇ ਹੱਥ 'ਤੇ ਚਾਕੂ ਨਾਲ ਦਿੱਤਾ ਸੀ ਆਟੋਗ੍ਰਾਫ



ਪਾਕੀਜ਼ਾ ਫਿਲਮ ਦੀ ਸ਼ੂਟਿੰਗ ਦੌਰਾਨ ਕਮਲ ਅਮਰੋਹੀ ਅਤੇ ਮੀਨਾ ਕੁਮਾਰੀ ਨਾਲ ਇਕ ਦਿਲਚਸਪ ਘਟਨਾ ਵਾਪਰੀ। ਵਿਨੋਦ ਮਹਿਤਾ ਲਿਖਦੇ ਹਨ, 'ਕਮਲ ਅਮਰੋਹੀ ਅਕਸਰ ਆਊਟਡੋਰ ਸ਼ੂਟਿੰਗ 'ਤੇ ਦੋ ਕਾਰਾਂ 'ਚ ਜਾਂਦੇ ਸਨ। ਇਕ ਵਾਰ ਦਿੱਲੀ ਜਾਂਦੇ ਹੋਏ ਮੱਧ ਪ੍ਰਦੇਸ਼ ਦੇ ਸ਼ਿਵਪੁਰੀ ਵਿਚ ਉਨ੍ਹਾਂ ਦੀ ਕਾਰ ਦਾ ਪੈਟਰੋਲ ਖ਼ਤਮ ਹੋ ਗਿਆ। ਅਮਰੋਹੀ ਨੇ ਕਾਰ ਵਿਚ ਸੜਕ 'ਤੇ ਰਾਤ ਬਿਤਾਉਣ ਦਾ ਫੈਸਲਾ ਕੀਤਾ। ਅਮਰੋਹੀ ਨੂੰ ਇਹ ਪਤਾ ਨਹੀਂ ਸੀ ਕਿ ਇਹ ਇਲਾਕਾ ਡਾਕੂਆਂ ਦਾ ਹੈ। ਅੱਧੀ ਰਾਤ ਤੋਂ ਬਾਅਦ ਕਰੀਬ ਇਕ ਦਰਜਨ ਡਾਕੂਆਂ ਨੇ ਉਨ੍ਹਾਂ ਦੀਆਂ ਕਾਰਾਂ ਨੂੰ ਘੇਰ ਲਿਆ। ਉਨ੍ਹਾਂ ਨੇ ਕਾਰਾਂ ਵਿਚ ਬੈਠੇ ਲੋਕਾਂ ਨੂੰ ਹੇਠਾਂ ਉਤਰਨ ਲਈ ਕਿਹਾ। ਕਮਾਲ ਅਮਰੋਹੀ ਨੇ ਕਾਰ ਤੋਂ ਉਤਰਨ ਤੋਂ ਇਨਕਾਰ ਕਰਦਿਆਂ ਕਿਹਾ ਕਿ ਜੋ ਵੀ ਮੈਨੂੰ ਮਿਲਣਾ ਚਾਹੁੰਦਾ ਹੈ, ਉਹ ਮੇਰੀ ਕਾਰ 'ਚ ਆਵੇ।' ਕੁਝ ਦੇਰ ਬਾਅਦ ਇਕ ਆਦਮੀ ਰੇਸ਼ਮੀ ਪਜਾਮਾ ਅਤੇ ਕਮੀਜ਼ ਪਹਿਨ ਕੇ ਉਨ੍ਹਾਂ ਦੇ ਕੋਲ ਆਇਆ। ਉਸ ਨੇ ਪੁੱਛਿਆ, 'ਤੁਸੀਂ ਕੌਣ ਹੋ?' ਅਮਰੋਹੀ ਨੇ ਜਵਾਬ ਦਿੱਤਾ, 'ਮੈਂ ਕਮਾਲ ਹਾਂ ਅਤੇ ਇਸ ਖੇਤਰ ਵਿਚ ਸ਼ੂਟਿੰਗ ਕਰਨ ਜਾ ਰਹੇ ਹਾਂ। ਸਾਡੀ ਕਾਰ ਦਾ ਪੈਟਰੋਲ ਖ਼ਤਮ ਹੋ ਗਿਆ ਹੈ। ਲੁਟੇਰੇ ਨੇ ਸੋਚਿਆ ਕਿ ਉਹ ਰਾਈਫਲ ਸ਼ੂਟਿੰਗ ਦੀ ਗੱਲ ਕਰ ਰਹੀ ਹੈ। ਪਰ ਜਦੋਂ ਡਾਕੂ ਮੁਖੀ ਨੂੰ ਦੱਸਿਆ ਗਿਆ ਕਿ ਇਹ ਫਿਲਮ ਦੀ ਸ਼ੂਟਿੰਗ ਹੈ ਅਤੇ ਮੀਨਾ ਕੁਮਾਰੀ ਵੀ ਦੂਜੀ ਕਾਰ ਵਿਚ ਬੈਠੀ ਸੀ ਤਾਂ ਉਸਦਾ ਵਿਵਹਾਰ ਬਦਲ ਗਿਆ। ਲੁਟੇਰੇ ਨੇ ਤੁਰੰਤ ਸੰਗੀਤ, ਨਾਚ ਅਤੇ ਭੋਜਨ ਦਾ ਪ੍ਰਬੰਧ ਕੀਤਾ। ਉਸਨੂੰ ਸੌਣ ਲਈ ਜਗ੍ਹਾ ਦਿੱਤੀ ਅਤੇ ਸਵੇਰੇ ਉਸਦੀ ਕਾਰ ਲਈ ਪੈਟਰੋਲ ਦਾ ਵੀ ਇਮਤਜ਼ਾਮ ਦਿੱਤਾ। ਤੁਰਦੇ ਸਮੇਂ, ਉਸਨੇ ਮੀਨਾ ਕੁਮਾਰੀ ਨੂੰ ਇਕ ਤਿੱਖੀ ਚਾਕੂ ਨਾਲ ਉਸਦੇ ਹੱਥ 'ਤੇ ਆਪਣਾ ਆਟੋਗ੍ਰਾਫ ਦੇਣ ਲਈ ਕਿਹਾ। ਇਹ ਸੁਣ ਕੇ ਹਰ ਕੋਈ ਦੰਗ ਰਹਿ ਗਿਆ। ਕਿਸੇ ਤਰ੍ਹਾਂ ਮੀਨਾ ਕੁਮਾਰੀ ਨੇ ਆਟੋਗ੍ਰਾਫ ਦਿੱਤਾ। ਬਾਅਦ ਵਿਚ ਉਸ ਨੂੰ ਪਤਾ ਲੱਗਾ ਕਿ ਉਸ ਨੇ ਮੱਧ ਪ੍ਰਦੇਸ਼ ਦੇ ਉਸ ਸਮੇਂ ਦੇ ਮਸ਼ਹੂਰ ਡਾਕੂ ਅੰਮ੍ਰਿਤ ਲਾਲ ਨਾਲ ਰਾਤ ਬਿਤਾਈ ਸੀ।'

## ਧੋਨੀ ਦੀ ਸ਼ਖ਼ਸੀਅਤ ਤੋਂ ਬਹੁਤ ਪ੍ਰਭਾਵਿਤ ਹੈ ਫਰਾਹ

**ਮੁੰਬਈ।** ਕੋਰੀਓਗ੍ਰਾਫਰ-ਨਿਰਦੇਸ਼ਕ ਫਰਾਹ ਖਾਨ ਨੇ ਹਾਲ ਹੀ ਵਿੱਚ ਭਾਰਤੀ ਕ੍ਰਿਕਟਰ ਮਹਿੰਦਰ ਸਿੰਘ ਧੋਨੀ ਦੀ ਐਡ (ਕਮਰਸ਼ੀਅਲ) ਦਾ ਨਿਰਦੇਸ਼ਨ ਕੀਤਾ ਹੈ। ਇਸ ਬਾਰੇ ਤਜਰਬਾ ਸਾਂਝਾ ਕਰਦਿਆਂ ਫਰਾਹ ਨੇ ਕਿਹਾ, ‘ਮੈਂ ਉਸ ਨੂੰ ਪਹਿਲੀ ਵਾਰ ਮਿਲੀ। ਮੈਂ ਤੁਹਾਨੂੰ ਦੱਸ ਨਹੀਂ ਸਕਦੀ ਕਿ ਉਹ ਕਿੰਨੀ ਸ਼ਾਨਦਾਰ ਸ਼ਖ਼ਸੀਅਤ ਦਾ ਮਾਲਕ ਹੈ। ਉਹ ਬਿਲਕੁਲ ਜ਼ਮੀਨ ਨਾਲ ਜੁੜਿਆ ਇਨਸਾਨ ਹੈ। ਸਾਨੂੰ ਸ਼ੂਟਿੰਗ ਦੌਰਾਨ ਚਾਰ-ਪੰਜ ਵਾਰ ਉਸ ਦੇ ਕੱਪੜੇ ਬਦਲਣੇ ਪਏ ਅਤੇ ਉਸ ਨੇ ਇੱਕ ਵਾਰ ਵੀ ਸ਼ਿਕਾਇਤ ਨਹੀਂ ਕੀਤੀ।’ ਫਰਾਹ ਨੇ ਦੱਸਿਆ, ‘ਪੰਜ ਮਿੰਟਾਂ ਵਿੱਚ ਹੀ ਅਸੀਂ ਇਸ ਤਰ੍ਹਾਂ ਗੱਲਾਂ ਕਰਨ ਲੱਗ ਪਏ ਜਿਵੇਂ ਅਸੀਂ ਲੰਮੇ ਸਮੇਂ ਤੋਂ ਇੱਕ-ਦੂਜੇ ਨੂੰ ਜਾਣਦੇ ਹੋਈਏ। ਉਹ ਮੇਰੀ ਵੈਨ ਵਿੱਚ ਖਾਣਾ ਖਾਣ ਵੀ ਆਇਆ। ਉਸ ਨਾਲ ਕੰਮ ਕਰ ਕੇ ਬਹੁਤ ਖ਼ੁਸ਼ੀ ਹੋਈ। ਉਹ ਬਹੁਤ ਪਿਆਰਾ ਇਨਸਾਨ ਹੈ।’




## ਅਸਲ ਜੀਵਨ ਦਾ ਕਿਰਦਾਰ ਨਿਭਾਉਣਾ ਇੱਕ ਚੁਣੌਤੀ: ਕਿਆਰਾ

ਬੌਲੀਵੁੱਡ ਅਦਾਕਾਰਾ ਕਿਆਰਾ ਅਡਵਾਨੀ ਨੇ ਫਿਲਮ ‘ਸ਼ੇਰਸ਼ਾਹ’ ਬਾਰੇ ਗੱਲ ਕਰਦਿਆਂ ਕਿਹਾ ਕਿ ਇੱਕ ਅਸਲ ਵਿਅਕਤੀ ਦਾ ਕਿਰਦਾਰ ਨਿਭਾਉਣਾ ਅਤੇ ਉਸ ਦੀ ਸ਼ਖ਼ਸੀਅਤ ਨੂੰ ਹੂ-ਬ-ਹੂ ਪੇਸ਼ ਕਰਨ ਦੀ ਕਸੌਟੀ ’ਤੇ ਖਰੇ ਉੱਤਰਨਾ ਇੱਕ ਚੁਣੌਤੀ ਹੈ। ਅਦਾਕਾਰਾ ਨੇ ਫਿਲਮ ‘ਸ਼ੇਰਸ਼ਾਹ’ ਵਿੱਚ ਕਾਰਗਿਲ ਸ਼ਹੀਦ ਕੈਪਟਨ ਵਿਕਰਮ ਬੱਤਰਾ ਦੀ ਪਤਨੀ ਡਿੰਪਲ ਚੀਮਾ ਦੀ ਭੂਮਿਕਾ ਨਿਭਾਈ ਹੈ। ਕਿਆਰਾ ਨੇ ਦੱਸਿਆ ਕਿ ਇਹ ਭੂਮਿਕਾ ਨਿਭਾਉਣ ਲਈ ਉਸ ਨੂੰ ਪਹਿਲਾਂ ਡਿੰਪਲ ਨੂੰ ਸਮਝਣਾ ਪਿਆ। ਕਿਆਰਾ ਨੇ ਦੱਸਿਆ, “ਮੈਨੂੰ ਡਿੰਪਲ ਚੀਮਾ ਨੂੰ ਮਿਲਣ ਅਤੇ ਉਸ ਨਾਲ ਗੱਲਬਾਤ ਕਰਨ ਦਾ ਮੌਕਾ ਮਿਲਿਆ। ਇਸ ਜ਼ਰੀਏ ਮੈਂ ਉਸ ਨੂੰ ਸਮਝਣ ਅਤੇ ਕੈਪਟਨ ਬੱਤਰਾ ਨਾਲ ਉਨ੍ਹਾਂ ਦੀ ਪ੍ਰੇਮ ਕਹਾਣੀ ਨੂੰ ਜਾਣ ਸਕੀ, ਜੋ ਉਨ੍ਹਾਂ ਮੇਰੇ ਨਾਲ ਸਾਂਝੀ ਕੀਤੀ। ਮੈਂ ਕੈਪਟਨ ਨਾਲ ਉਸ ਦਾ ਸਫ਼ਰ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ।” ਕਿਆਰਾ ਨੇ ਫਿਲਮ ਵਿੱਚ ਕੰਮ ਕਰਨ ਦਾ ਆਪਣਾ ਤਜਰਬਾ ਸਾਂਝਾ ਕਰਦਿਆਂ ਦੱਸਿਆ, “ਇੱਕ ਅਸਲ ਜ਼ਿੰਦਗੀ ਅਤੇ ਅਸਲ ਕਹਾਣੀ ਨੂੰ ਦਰਸਾਉਣਾ ਹਮੇਸ਼ਾ ਇੱਕ ਚੁਣੌਤੀ ਭਰਿਆ ਕੰਮ ਹੁੰਦਾ ਹੈ ਅਤੇ ਅਸੀਂ ਇਸ ਫਿਲਮ ’ਤੇ ਕੰਮ ਕਰਦਿਆਂ ਇਸ ਨੂੰ ਧਿਆਨ ਵਿੱਚ ਰੱਖਿਆ। ਕਿਰਦਾਰ ਨਿਭਾਉਂਦਿਆਂ ਘਬਰਾਹਟ ਮਹਿਸੂਸ ਹੋਈ ਸੀ ਪਰ ਮਾਣ ਵੀ ਹੋਇਆ।” -



ਵਰਲਡ ਪੰਜਾਬੀ ਨਿਊਜ਼ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਲੇਖ ਅਤੇ ਰਚਨਾਵਾਂ ਲੇਖਕਾਂ ਦੇ ਨਿੱਜੀ ਵਿਚਾਰ ਹੋ ਸਕਦੇ ਹਨ। ਇਹਨਾਂ ਨਾਲ ਸੰਪਾਦਕ ਅਤੇ ‘ਵਰਲਡ ਪੰਜਾਬੀ ਨਿਊਜ਼’ ਅਦਾਰੇ ਦਾ ਸਹਿਮਤ ਹੋਣਾ ਜਰੂਰੀ ਨਹੀਂ ਹੈ- ਸੰਪਾਦਕ ‘ਵਰਲਡ ਪੰਜਾਬੀ ਨਿਊਜ਼.’ ਵਿੱਚ ਪ੍ਰਕਾਸ਼ਿਤ ਹੋਣ ਵਾਲੇ ਵਿਗਿਆਪਨਾਂ ਦੀ ਪਰਖ ਪਾਠਕ ਖੁਦ ਕਰਨ। ‘ਵਰਲਡ ਪੰਜਾਬੀ ਨਿਊਜ਼’ ਅਦਾਰਾ ਇਹਨਾਂ ਪ੍ਰਤੀ ਜਿੰਮੇਵਾਰ ਨਹੀਂ ਹੋਵੇਗਾ- ਸੰਪਾਦਕ

# ਕੇਜਰੀਵਾਲ ਵੱਲੋਂ ਪੰਜਾਬ ਦੇ ਵਿਧਾਇਕਾਂ ਨਾਲ ਮੀਟਿੰਗ

**ਨਵੀਂ ਦਿੱਲੀ।** ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਪੰਜਾਬ ਦੀ ਖੁਸ਼ਹਾਲੀ ਤੇ ਕਿਸਾਨ ਅੰਦੋਲਨ ਦੀ ਚੜ੍ਹਦੀ ਕਲਾ ਸਬੰਧੀ ਪੰਜਾਬ ਦੇ ਵਿਧਾਇਕਾਂ ਨਾਲ ਵਿਚਾਰ-ਚਰਚਾ ਕੀਤੀ। ਪਾਰਟੀ ਦੇ ਸੂਬਾ ਪ੍ਰਧਾਨ ਅਤੇ ਸੰਸਦ ਮੈਂਬਰ ਭਗਵੰਤ ਮਾਨ ਦੀ ਅਗਵਾਈ ਹੇਠ ਵਿਰੋਧੀ ਧਿਰ ਦੇ ਨੇਤਾ ਹਰਪਾਲ ਸਿੰਘ ਚੀਮਾ ਸਮੇਤ 'ਆਪ' ਵਿਧਾਇਕਾਂ ਨਾਲ ਮੁੱਖ ਮੰਤਰੀ ਦੀ ਰਿਹਾਇਸ਼ 'ਚ ਰੱਖੀ ਗਈ ਇਹ ਮੀਟਿੰਗ ਕਰੀਬ ਤਿੰਨ ਘੰਟੇ ਚੱਲੀ। ਮੀਟਿੰਗ ਦੌਰਾਨ ਕੇਜਰੀਵਾਲ ਨੇ ਜਿੱਥੇ 2022 ਦੀਆਂ ਚੋਣਾਂ ਸਬੰਧੀ ਵਿਚਾਰ-ਵਟਾਂਦਰੇ ਕੀਤੇ, ਉਥੇ ਹੀ ਕਿਸਾਨ ਅੰਦੋਲਨ ਦੀ ਮਜ਼ਬੂਤੀ ਲਈ ਵੀ ਸੁਝਾਅ ਮੰਗੇ।

ਪੰਜਾਬ ਵਿਧਾਨ ਸਭਾ ਚੋਣਾਂ 'ਚ ਪੰਜਾਬ ਨੂੰ ਮਾਫੀਆ ਮੁਕਤ ਕਰਵਾਉਣ ਲਈ ਉਨ੍ਹਾਂ ਵਿਧਾਇਕਾਂ ਨੂੰ ਸਕਾਰਾਤਮਕ ਲਕੀਰ ਖਿੱਚਣ 'ਤੇ ਧਿਆਨ ਕੇਂਦਰਿਤ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਪਾਰਟੀ ਦੇ ਵਰਕਰ ਘਰ-ਘਰ ਪਹੁੰਚ ਕਰ ਕੇ ਲੋਕਾਂ ਨੂੰ ਦੱਸਣ ਕਿ ਆਮ ਆਦਮੀ ਪਾਰਟੀ ਕਿਹੜੀਆਂ ਵਿਕਾਸ ਮੁਖੀ ਨੀਤੀਆਂ ਨਾਲ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਪੰਜਾਬ ਅਤੇ ਪੰਜਾਬੀਆਂ ਨੂੰ ਸੰਕਟ 'ਚੋਂ ਬਾਹਰ ਕੱਢ ਸਕਦੀ ਹੈ। ਇਸ ਦੌਰਾਨ ਕੇਜਰੀਵਾਲ ਨੇ ਸਾਰੇ ਵਿਧਾਇਕਾਂ ਕੋਲੋਂ ਉਨ੍ਹਾਂ ਦੇ ਹਲਕਿਆਂ ਦੀ ਬੂਥ ਪੱਧਰ ਤੱਕ ਦੀ ਜਾਣਕਾਰੀ ਲਈ। ਇਸ ਦੌਰਾਨ ਭਗਵੰਤ ਮਾਨ ਨੇ ਪੰਜਾਬ ਦੇ ਸਿਆਸੀ ਆਰਥਿਕ ਅਤੇ ਸਮਾਜਿਕ ਹਲਾਤ ਬਾਰੇ



ਚਾਨਣਾ ਪਾਇਆ। ਇਸ ਮੌਕੇ ਪੰਜਾਬ ਮਾਮਲਿਆਂ ਦੇ ਇੰਚਾਰਜ ਜਰਨੈਲ ਸਿੰਘ, ਸਹਿ ਇੰਚਾਰਜ ਰਾਘਵ ਚੱਢਾ, ਉਪ ਨੇਤਾ ਸਰਬਜੀਤ ਕੌਰ ਮਾਣੂੰਕੇ, ਵਿਧਾਇਕ ਕੁਲਤਾਰ ਸਿੰਘ ਸੰਧਵਾਂ, ਗੁਰਮੀਤ ਸਿੰਘ ਮੀਤ ਹੇਅਰ, ਪ੍ਰਿੰਸੀਪਲ ਬੁੱਧ ਰਾਮ, ਅਮਨ ਅਰੋੜਾ, ਪ੍ਰੋ. ਬਲਜਿੰਦਰ ਕੌਰ, ਜੈ ਕਿਸ਼ਨ ਸਿੰਘ ਰੋੜੀ, ਮਨਜੀਤ ਸਿੰਘ ਬਿਲਾਸਪੁਰ, ਰੁਪਿੰਦਰ ਕੌਰ ਰੂਬੀ, ਕੁਲਵੰਤ ਸਿੰਘ ਪੰਡੋਰੀ, ਮਾਸਟਰ ਬਲਦੇਵ ਸਿੰਘ ਜੈਤੋ ਤੇ ਅਮਰਜੀਤ ਸਿੰਘ ਸੰਦੋਆ ਮੌਜੂਦ ਸਨ।

# ਭਾਰਤੀ ਹਾਕੀ ਟੀਮ ਦੇ ਓਲੰਪਿਕ ਸੈਮੀ ਫਾਈਨਲ 'ਚ ਪਹੁੰਚਣ ਤੇ ਖਿਡਾਰੀ ਸ਼ਮਸ਼ੇਰ ਸਿੰਘ ਦੇ ਘਰ ਵਿਆਹ ਵਰਗਾ ਮਾਹੌਲ

**ਅਟਾਰੀ।** ਟੋਕੀਓ ਓਲੰਪਿਕ ਵਿੱਚ ਭਾਰਤ ਦੀ ਟੀਮ ਨੇ 1972 ਤੋਂ ਬਾਅਦ ਸੈਮੀਫਾਈਨਲ ਵਿੱਚ ਪਹੁੰਚ ਕੇ ਹਾਕੀ ਦੀਆਂ ਪੁਰਾਣੀਆਂ ਯਾਦਾਂ ਨੂੰ ਇੱਕ ਵਾਰ ਫਿਰ ਤਾਜ਼ਾ ਕਰ ਦਿੱਤਾ ਹੈ। ਮੌਜੂਦਾ ਭਾਰਤੀ ਟੀਮ ਵਿਚ ਖੇਡ ਰਹੇ ਖਿਡਾਰੀ ਸ਼ਮਸ਼ੇਰ ਸਿੰਘ ਦੇ ਜੱਦੀ ਪਿੰਡ ਅਟਾਰੀ ਦਾ ਦੌਰਾ ਕੀਤਾ ਗਿਆ ਤਾਂ ਉਸ ਦੇ ਘਰ ਵਿੱਚ ਵਿਆਹ ਵਰਗਾ ਮਾਹੌਲ ਦੇਖਣ ਨੂੰ ਮਿਲਿਆ। ਉੱਥੇ ਇਹ ਵੀ ਦੇਖਿਆ ਗਿਆ ਕਿ ਪਿੰਡ ਦੇ ਜ਼ਿਆਦਾਤਰ ਲੋਕ ਆਪਣੀ ਖੁਸ਼ੀ ਨੂੰ ਦੁੱਗਣਾ ਕਰਨ ਲਈ ਉਨ੍ਹਾਂ ਦੇ ਘਰ ਵਿੱਚ ਇਗਲੈਂਡ ਨਾਲ ਭਾਰਤ ਦਾ ਉਹ ਮੈਚ ਦੇਖ ਰਹੇ ਸਨ ਜਿਸ ਵਿੱਚ ਭਾਰਤ ਨੇ ਇੰਗਲੈਂਡ ਨੂੰ 3-1 ਨਾਲ ਹਰਾਇਆ ਹੈ। ਇਸ ਮੌਕੇ ਸ਼ਮਸ਼ੇਰ ਦੇ ਪਿਤਾ ਹਰਦੇਵ ਸਿੰਘ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਪੁੱਤਰ ਸਣੇ ਸਮੁੱਚੀ ਭਾਰਤੀ ਟੀਮ 'ਤੇ ਮਾਣ ਹੈ।



# ਮਿੱਡ-ਡੇਅ ਮੀਲ ਕਾਮੇ ਸਰਕਾਰ ਦੀ ਬੇਰੁਖ਼ੀ ਤੋਂ ਦੁਖੀ

**ਅੰਮ੍ਰਿਤਸਰ।** ਸਰਵ ਸਿੱਖਿਆ ਅਭਿਆਨ ਮਿਡ-ਡੇਅ ਮੀਲ ਦਫ਼ਤਰੀ ਮੁਲਾਜ਼ਮ ਅੱਜ ਕਾਂਗਰਸੀ ਵਿਧਾਇਕ ਰਾਜ ਕੁਮਾਰ ਵੇਰਕਾ ਦੇ ਘਰ ਲੂਣ ਦੇ ਪੈਕਟ ਲੈ ਕੇ ਪਹੁੰਚੇ ਅਤੇ ਆਪਣੀਆਂ ਮੰਗਾਂ ਬਾਰੇ ਪੱਤਰ ਵੀ ਸੌਂਪਿਆ। ਇਸ ਮੌਕੇ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਦੇ ਵਿਰੋਧ ਵਿੱਚ ਨਾਅਰੇਬਾਜ਼ੀ ਵੀ ਕੀਤੀ ਗਈ। ਇਹ ਕੱਚੇ ਮੁਲਾਜ਼ਮ ਸਰਕਾਰ ਕੋਲੋਂ ਆਪਣੀਆਂ ਨੌਕਰੀਆਂ ਪੱਕੀਆਂ ਕਰਨ ਦੀ ਮੰਗ ਕਰ ਰਹੇ ਹਨ। ਸਰਕਾਰ ਦੇ ਕੱਚੇ ਮੁਲਾਜ਼ਮਾਂ ਪ੍ਰਤੀ ਰਵੱਈਏ 'ਤੇ ਰੋਸ ਦਾ ਪ੍ਰਗਟਾਵਾ ਕਰਦਿਆਂ ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਕੇ ਉਨ੍ਹਾਂ ਦੀਆਂ ਮੰਗਾਂ ਨਹੀਂ ਮੰਨ ਸਕਦੀ ਤਾਂ ਸਰਕਾਰ ਆਪਣੇ ਹੱਥੀਂ ਉਨ੍ਹਾਂ ਦੇ ਜ਼ਖ਼ਮਾਂ 'ਤੇ ਲੂਣ ਪਾਉਣ ਦਾ ਕੰਮ ਕਰੇਗੀ। ਸਰਵ ਸਿੱਖਿਆ ਅਭਿਆਨ ਮਿਡ-ਡੇ ਮੀਲ ਦਫਤਰੀ ਕਰਮਚਾਰੀ ਯੂਨੀਅਨ ਦੇ ਆਗੂ ਵਿਕਾਸ ਕੁਮਾਰ, ਗੌਰਵ ਸ਼ਰਮਾ, ਮਨਿੰਦਰ ਕੌਰ, ਤਨਵੀਰ ਸਿੰਘ, ਅਨਿਲ ਸ਼ਰਮਾ, ਮਨਪ੍ਰੀਤ ਕੌਰ, ਸੱਤਪਾਲ ਸਿੰਘ, ਗੁਰਪ੍ਰੀਤ ਸਿੰਘ, ਕਰਨ ਪਠਾਨੀਆ ਆਦਿ ਨੇ ਕਿਹਾ ਕਿ ਸਰਕਾਰ ਨੇ ਦਫਤਰੀ ਕਰਮਚਾਰੀਆਂ ਨੂੰ ਪੱਕਾ ਤਾਂ ਕੀ ਕਰਨਾ ਸੀ, ਸਗੋਂ ਤਨਖਾਹਾਂ ਵਿੱਚੋ ਚਾਰ ਹਜ਼ਾਰ ਰੁਪਏ ਪ੍ਰਤੀ ਮਹੀਨਾ ਕਟੌਤੀ ਕਰ ਦਿੱਤੀ ਗਈ ਹੈ ਅਤੇ ਕਰਮਚਾਰੀਆ ਦੀਆਂ ਦੂਰ ਦੁਰਾਡੇ ਬਦਲੀਆਂ ਕੀਤੀਆਂ ਜਾ ਰਹੀਆਂ ਹਨ। ਆਗੂਆਂ ਨੇ ਕਿਹਾ ਕਿ ਕਾਂਗਰਸ ਸਰਕਾਰ ਨੇ ਕਿਹਾ ਸੀ ਕਿ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਵਧੀਆ ਨੀਤੀ ਲਿਆਂਵਾਗੇ ਪਰ ਹੁਣ ਚਾਰ ਸਾਲਾਂ ਵਿੱਚ ਕਾਂਗਰਸ ਸਰਕਾਰ ਨੇ ਕੁਝ ਨਹੀਂ ਕੀਤਾ ਹੈ। ਇਨ੍ਹਾਂ ਆਗੂਆਂ ਨੇ ਦੱਸਿਆ ਕਿ ਸਰਕਾਰ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਮੁਲਾਜ਼ਮ ਵੈਲਫੇਅਰ ਐਕਟ 2016 ਵਿੱਚ ਸੋਧ ਕਰਕੇ ਨਵਾਂ ਐਕਟ ਬਣਾਇਆ ਜਾ ਰਿਹਾ ਹੈ ਜਿਸ ਦਾ ਖਰੜਾ ਜਾਰੀ ਕੀਤਾ ਗਿਆ ਹੈ ਪਰ ਐਕਟ ਵਿੱਚ ਅਜਿਹੀਆਂ ਸ਼ਰਤਾਂ ਥੋਪੀਆ ਜਾ ਰਹੀਆ ਹਨ ਜਿਸ ਨਾਲ ਲੰਮੇ ਸਮੇਂ ਤੱਕ ਕੱਚੇ



ਮੁਲਜ਼ਮ ਪੱਕੇ ਨਹੀਂ ਹੋ ਸਕਦੇ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਨੇ ਲਗਪਗ 10 ਹਜ਼ਾਰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਅਧਿਆਪਕਾਂ ਨੂੰ ਰੈਗੂਲਰ ਕਰ ਦਿੱਤਾ ਹੈ ਪਰ ਸਰਵ ਸਿੱਖਿਆ ਅਭਿਆਨ ਤਹਿਤ ਕੰਮ ਕਰਦੇ ਦਫਤਰੀ ਕਰਮਚਾਰੀਆਂ ਨਾਲ ਵਿਤਕਰਾ ਕੀਤਾ ਗਿਆ ਹੈ। ਵਿੱਤ ਵਿਭਾਗ ਵੱਲੋਂ ਵੀ ਦਫਤਰੀ ਕਰਮਚਾਰੀਆਂ ਨੂੰ ਪੱਕਾ ਕਰਨ ਲਈ 16 ਦਸੰਬਰ 2019 ਨੂੰ ਪ੍ਰਵਾਨਗੀ ਦਿੱਤੀ ਜਾ ਚੁੱਕੀ ਹੈ ਪਰ 17 ਮਹੀਨਿਆਂ ਦੌਰਾਨ ਮੁੱਖ ਮੰਤਰੀ ਦੀ ਕੈਬਿਨਟ ਵੱਲੋਂ ਇਸ ਨੂੰ ਪ੍ਰਵਾਨਗੀ ਨਹੀਂ ਦਿੱਤੀ ਜਾ ਰਹੀ ਜਿਸ ਤੋਂ ਸਰਕਾਰ ਦੀ ਨੀਅਤ ਜੱਗ ਜ਼ਾਹਰ ਹੈ।

# ਅੰਮ੍ਰਿਤਸਰ ਦੀ ਦਿੱਖ ਨਿਖਾਰਨ ਲਈ ਨਿਗਮ ਸਰਗਰਮ

**ਅੰਮ੍ਰਿਤਸਰ।** ਮੇਅਰ ਕਰਮਜੀਤ ਸਿੰਘ ਅਤੇ ਕਮਿਸ਼ਨਰ ਮਲਵਿੰਦਰ ਸਿੰਘ ਜੱਗੀ ਵੱਲੋਂ ਅੱਜ ਨਗਰ ਨਿਗਮ ਦੇ ਵਿਭਾਗਾਂ ਦੇ ਮੁਖੀਆਂ ਨਾਲ ਮੀਟਿੰਗ ਕੀਤੀ ਗਈ ਅਤੇ ਸ਼ਹਿਰ ਵਿੱਚ ਆਮ ਨਾਗਰਿਕਾਂ ਨੂੰ ਦਰਪੇਸ਼ ਸਮੱਸਿਆਵਾਂ ਦੇ ਨਿਪਟਾਰੇ ਲਈ ਨਿਰਦੇਸ਼ ਦਿੱਤੇ ਗਏ। ਸ਼ਹਿਰ ਵਿੱਚ ਬਰਸਾਤੀ ਅਤੇ ਸੀਵਰੇਜ ਦੇ ਪਾਣੀ ਦੀ ਨਿਕਾਸੀ ਲਈ ਓਐਂਡਐੱਮ ਵਿਭਾਗ ਦੇ ਨਿਗਰਾਨ ਇੰਜਨੀਅਰ ਨੂੰ ਹਦਾਇਤਾਂ ਕੀਤੀਆਂ ਗਈਆਂ ਕਿ ਸਾਰੇ ਡਿਸਪੋਜ਼ਲ ਪਲਾਂਟ ਬਿਨਾਂ ਕਿਸੇ ਰੁਕਾਵਟ ਦੇ ਚਲਾਏ ਜਾਣ।

ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਬਣੀਆਂ ਪਾਰਕਾਂ ਦੇ ਰੱਖ-ਰਖਾਅ ਲਈ ਵੀ ਸਿਵਲ ਵਿਭਾਗ ਤੇ ਬਾਗਬਾਨੀ ਵਿਭਾਗ ਦੇ ਨਿਗਰਾਨ ਇੰਜਨੀਅਰ ਨੂੰ ਹਦਾਇਤਾਂ ਕੀਤੀਆਂ ਗਈਆਂ ਕਿ ਪੂਰਾ ਅਮਲਾ ਕੰਮ 'ਤੇ ਲਗਾਇਆ ਜਾਵੇ। ਸ਼ਹਿਰ ਦੀਆਂ ਮੁੱਖ ਸੜਕਾਂ ਅਤੇ ਭੰਡਾਰੀ ਬਰਿੱਜ ਤੋਂ ਐਲੀਵੇਟਿਡ ਰੋਡ ਨੂੰ ਜਾਂਦੀ ਸਾਈਡ ਰੋਡ 'ਤੇ ਪਏ ਟੋਏ ਤੁਰੰਤ ਭਰਨ ਦੀ ਹਦਾਇਤ ਕੀਤੀ ਗਈ। ਸ਼ਹਿਰ ਵਿੱਚ ਲਾਵਾਰਿਸ ਕੁੱਤਿਆਂ ਦੀ ਨਸਬੰਦੀ ਲਈ ਸਿਹਤ ਅਫ਼ਸਰ ਨੂੰ ਆਦੇਸ਼ ਦਿੱਤੇ ਗਏ ਕਿ ਡੋਗ ਸਟਰਲਾਈਜ਼ੇਸ਼ਨ ਪ੍ਰੋਗਰਾਮ ਨੂੰ ਇਕ ਮੁਹਿੰਮ ਵਾਂਗ ਸ਼ਹਿਰ ਵਿੱਚ



ਚਲਾਇਆ ਜਾਵੇ। ਇਸੇ ਤਰ੍ਹਾਂ ਮੇਅਰ ਅਤੇ ਕਮਿਸ਼ਨਰ ਨੇ ਪ੍ਰਾਪਰਟੀ ਟੈਕਸ ਅਤੇ ਵਾਟਰ ਸਪਲਾਈ ਤੇ ਸੀਵਰੇਜ ਵਿਭਾਗ ਦੀ ਰਿਕਵਰੀ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕਰਨ ਲਈ ਹਦਾਇਤਾਂ ਦਿੱਤੀਆਂ।

# ਬੇਬੇ ਮਾਨ ਕੌਰ ਨੂੰ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ



**ਚੰਡੀਗੜ੍ਹ।** ਦੁਨੀਆ ਭਰ ਵਿੱਚ ਭਾਰਤ ਦਾ ਨਾਂ ਰੌਸ਼ਨ ਕਰਨ ਵਾਲੀ 105 ਸਾਲਾ ਅਥਲੀਟ ਬੇਬੇ ਮਾਨ ਕੌਰ ਨੂੰ ਚੰਡੀਗੜ੍ਹ ਦੇ ਸੈਕਟਰ-25 ਸਥਿਤ ਸ਼ਮਸ਼ਾਨਘਾਟ ਵਿੱਚ ਨਮ ਅੱਖਾਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ। ਰਾਸ਼ਟਰਪਤੀ ਵੱਲੋਂ ਨਾਰੀ ਸ਼ਕਤੀ ਪੁਰਸਕਾਰ ਨਾਲ ਸਨਮਾਨਿਤ 'ਬੇਬੇ' ਨੂੰ ਖੇਡ ਖੇਤਰ ਨਾਲ ਜੁੜੀਆਂ ਸ਼ਖ਼ਸੀਅਤਾਂ ਸ਼ਰਧਾਂਜਲੀ ਦੇਣ ਪੁੱਜੀਆਂ ਪਰ ਕੇਂਦਰ, ਸੂਬਾ ਸਰਕਾਰ ਜਾਂ ਯੂਟੀ ਪ੍ਰਸ਼ਾਸਨ ਸ਼ਰਧਾਂਜਲੀ ਦੇਣਾ ਭੁੱਲ ਗਏ, ਜਿਨ੍ਹਾਂ ਦਾ ਕੋਈ ਅਧਿਕਾਰੀ ਅਤੇ ਮੰਤਰੀ ਸਸਕਾਰ ਮੌਕੇ ਨਾ ਪੁੱਜਿਆ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਡਾ. ਦਲਜੀਤ ਸਿੰਘ ਚੀਮਾ ਜ਼ਰੂਰ ਪਹੁੰਚੇ ਪਰ ਹੋਰ ਰਾਜਨੀਤਕ ਪਾਰਟੀਆਂ ਦੇ ਆਗੂ ਗੈਰਹਾਜ਼ਰ ਰਹੇ।

ਬੇਬੇ ਮਾਨ ਕੌਰ ਪਿੰਡ ਦੇਵੀ ਨਗਰ ਸਥਿਤ ਸ਼ੁੱਧੀ ਆਯੁਰਵੈਦਿਕ ਹਸਪਤਾਲ ਵਿੱਚ 7 ਜੁਲਾਈ, 2021 ਤੋਂ ਕੈਂਸਰ ਦੀ ਬਿਮਾਰੀ ਕਾਰਨ ਇਲਾਜ ਅਧੀਨ ਸਨ। ਉਨ੍ਹਾਂ ਦਾ ਬੀਤੇ ਦਿਨ ਦੇਹਾਂਤ ਹੋ ਗਿਆ ਅਤੇ ਅੱਜ ਬੀਬੀ ਮਾਨ ਕੌਰ ਦੇਹ ਨੂੰ ਸੈਕਟਰ-40 ਵਿੱਚ ਸਥਿਤ ਉਨ੍ਹਾਂ ਦੇ ਪੁੱਤ ਦੇ ਘਰ ਲਿਆਂਦਾ ਗਿਆ ਅਤੇ ਬਾਅਦ ਵਿੱਚ ਸੈਕਟਰ-25 ਸਥਿਤ ਸ਼ਮਸ਼ਾਨਘਾਟ ਵਿੱਚ ਸਸਕਾਰ ਕੀਤਾ ਗਿਆ। ਸਸਕਾਰ ਮੌਕੇ ਬੀਬੀ ਮਾਨ ਕੌਰ ਦਾ ਪੁੱਤਰ ਗੁਰਦੇਵ ਸਿੰਘ, ਮਨਜੀਤ ਸਿੰਘ ਅਤੇ ਧੀ ਅੰਮ੍ਰਿਤ ਕੌਰ ਤੇ ਪਰਿਵਾਰਕ ਮੈਂਬਰ ਮੌਜੂਦ ਸਨ। ਬੇਬੇ ਮਾਨ ਕੌਰ ਦੇ ਪੁੱਤਰ ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਮਾਂ ਦਾ ਜਨਮ ਪਟਿਆਲਾ ਵਿੱਚ ਹੋਇਆ ਸੀ। ਦੇਸ਼ ਦੀ ਆਜ਼ਾਦੀ ਤੋਂ ਪਹਿਲਾਂ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਦਾਦਾ ਭੁਪਿੰਦਰ ਸਿੰਘ ਦੇ ਦਰਬਾਰ ਵਿੱਚ ਰਸੋਈ ਦਾ ਕੰਮ ਕਰਦੀ ਸੀ। ਉਨ੍ਹਾਂ ਦੱਸਿਆ ਕਿ ਬੇਬੇ ਮਾਨ ਕੌਰ ਨੇ ਕੈਪਟਨ ਅਮਰਿੰਦਰ ਸਿੰਘ ਨੂੰ ਆਪਣੇ ਹੱਥਾਂ ਵਿੱਚ ਖਿਡਾਇਆ। ਗੁਰਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਮਾਤਾ ਨੇ ਕਈ ਦੇਸ਼ਾਂ ਵਿੱਚ ਦੌੜ ਕੇ ਭਾਰਤ ਦਾ ਨਾਮ ਰੌਸ਼ਨ ਕੀਤਾ ਪਰ ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਅੰਤਿਮ ਸਸਕਾਰ ਨੂੰ ਨਜ਼ਰਅੰਦਾਜ਼ ਕਰਨਾ ਗਲਤ ਹੈ।

ਦੱਸਣਯੋਗ ਹੈ ਕਿ ਬੀਬੀ ਮਾਨ ਕੌਰ ਦਾ ਜਨਮ ਪਟਿਆਲਾ ਵਿੱਚ ਮਾਰਚ, 1916 ਨੂੰ ਹੋਇਆ ਸੀ, ਜਿਨ੍ਹਾਂ ਨੇ 93 ਸਾਲ ਦੀ ਉਮਰ ਵਿੱਚ ਪੁੱਤਰ ਦੇ ਕਹਿਣ 'ਤੇ ਦੌੜਨਾ ਸ਼ੁਰੂ ਕੀਤਾ ਸੀ। ਉਨ੍ਹਾਂ ਨੇ ਨਿਊਜ਼ੀਲੈਂਡ, ਸਪੇਨ, ਆਕਲੈਂਡ, ਅਮਰੀਕਾ ਤੇ ਕੈਨੇਡਾ ਸਣੇ ਦੁਨੀਆ ਭਰ ਵਿੱਚ ਹੋਏ ਮੁਕਾਬਲਿਆਂ ਵਿੱਚ ਹਿੱਸਾ ਲੈ ਕੇ ਤਿੰਨ ਦਰਜਨ ਤੋਂ ਵੱਧ ਤਗ਼ਮੇ ਜਿੱਤੇ। ਸਾਲ 2010 ਵਿੱਚ ਨਿਊਜ਼ੀਲੈਂਡ 'ਚ ਹੋਈਆਂ ਵਰਲਡ ਮਾਸਟਰਜ਼ ਖੇਡਾਂ ਵਿੱਚ 100 ਮੀਟਰ ਦੌੜ 'ਚ ਬੀਬੀ ਮਾਨ ਕੌਰ ਨੇ ਪਹਿਲਾਂ ਤਗ਼ਮਾ ਜਿੱਤਿਆ। ਇਸ ਮਗਰੋਂ ਸਾਲ 2011 ਵਿੱਚ ਮਾਨ ਕੌਰ ਨੂੰ 'ਅਥਲੀਟ ਆਫ਼ ਦਾ ਯੀਅਰ' ਚੁਣਿਆ ਗਿਆ। ਸਾਲ 2017 ਵਿੱਚ ਵਿਸ਼ਵ ਮਾਸਟਰਜ਼ ਖੇਡਾਂ ਵਿੱਚ 4 ਸੋਨ ਤਗ਼ਮੇ ਜਿੱਤੇ। 2018 'ਚ ਵਿਸ਼ਵ ਮਾਸਟਰ ਖੇਡਾਂ ਵਿੱਚ ਦੋ ਸੋਨ ਤਗ਼ਮੇ ਜਿੱਤੇ ਸਨ। ਉਨ੍ਹਾਂਨੂੰ ਰਾਸ਼ਟਰਪਤੀ ਰਾਮਨਾਥ ਕੋਵਿੰਦ ਨੇ ਨਾਰੀ ਸ਼ਕਤੀ ਪੁਰਸਕਾਰ ਨਾਲ ਸਨਮਾਨਿਆ ਸੀ।

# ਸਰਦੂਲਗੜ੍ਹ ਦਾ ਪੰਜਾਬ ਨਾਲੋਂ ਸੜਕ ਸੰਪਰਕ ਟੁੱਟਿਆ

**ਮਾਨਸਾ/ਸਰਦਲਗੜ੍ਹ।** ਪਹਾੜੀ ਖੇਤਰਾਂ ਵਿੱਚ ਪਏ ਮੀਂਹ ਦੇ ਪਾਣੀ ਨੇ ਅੱਜ ਮਾਨਸਾ ਜ਼ਿਲ੍ਹੇ ਦੇ ਸਰਦੂਲਗੜ੍ਹ ਸ਼ਹਿਰ ਦਾ ਸੂਬੇ ਨਾਲੋਂ ਸੜਕੀ ਸੰਪਰਕ ਤੋੜ ਦਿੱਤਾ ਹੈ। ਸਰਦੂਲਗੜ੍ਹ ਨਾਲ ਖਹਿ ਕੇ ਲੰਘਦੇ ਘੱਗਰ ਦਰਿਆ ਦਾ ਪਾਣੀ ਡਾਫ਼ ਲੱਗਣ ਕਾਰਨ ਪੁਲ ਉਪਰ ਦੀ ਜਾਣ ਲੱਗਿਆ ਹੈ। ਜ਼ਿਲ੍ਹਾ ਪ੍ਰਸ਼ਾਸਨ ਨੇ ਮਾਨਸਾ ਤੋਂ ਸਰਦੂਲਗੜ੍ਹ ਨੂੰ ਸਿੱਧੇ ਜਾਣ ਵਾਲੇ ਦੋਪਹੀਆ ਵਾਹਨਾਂ ਸਮੇਤ ਕਾਰਾਂ ਅਤੇ ਟਰੱਕਾਂ 'ਤੇ ਘੱਗਰ ਦਰਿਆ ਦੇ ਪੁਲ ਉਪਰੋਂ ਲੰਘਣ ਦੀ ਪਾਬੰਦੀ ਲਗਾ ਦਿੱਤੀ ਹੈ। ਬੱਸਾਂ ਦੀਆਂ ਸਵਾਰੀਆਂ ਸਮੇਤ ਆਮ ਲੋਕਾਂ ਨੂੰ ਹੁਣ ਪੁਲ ਉਪਰੋਂ ਤੁਰ ਕੇ ਜਾਣਾ ਪੈ ਰਿਹਾ ਹੈ। ਇਸੇ ਤਰ੍ਹਾਂ ਮਾਨਸਾ ਤੋਂ ਸਿਰਸਾ ਅਤੇ ਸਰਦੂਲਗੜ੍ਹ ਜਾਣ ਵਾਲੇ ਲੋਕਾਂ ਨੂੰ ਹੁਣ ਵਾਇਆ ਰੋੜੀ-ਰੰਗਾ ਅਤੇ ਭਗਵਾਨਪੁਰ ਜਾਣ ਵਾਲਿਆਂ ਨੂੰ ਹੀਂਗਣਾ-ਆਹਲੂਪੁਰ ਹੋ ਕੇ ਜਾਣਾ ਪੈ ਰਿਹਾ ਹੈ। ਮਾਲ ਮਹਿਕਮੇ ਦੇ ਅਧਿਕਾਰੀਆਂ ਅਨੁਸਾਰ ਬੀਤੀ ਰਾਤ ਘੱਗਰ ਦਰਿਆ ਵਿਚ ਵੱਡੀ ਮਾਤਰਾ 'ਚ ਜੰਗਲੀ ਬੂਟੀ ਆ ਜਾਣ ਕਰਕੇ ਅਤੇ ਨਵੇਂ ਬਣ ਰਹੇ ਪੁਲ ਦੇ ਪਿੱਲਰਾਂ ਦੀ ਡਾਫ ਕਰਕੇ ਪਾਣੀ ਪੁਲ ਉੱਪਰੋਂ ਵਹਿਣਾ ਸ਼ੁਰੂ ਹੋ ਗਿਆ ਸੀ। ਹਾਲਾਤ ਦੇਖਦਿਆਂ ਪ੍ਰਸ਼ਾਸਨ ਨੇ ਜੇਸੀਬੀ ਮਸ਼ੀਨਾਂ ਲਗਾ ਕੇ ਘੱਗਰ ਦੇ ਪੁਰਾਣੇ ਪੁਲ ਹੇਠਾਂ ਫਸੀ ਬੂਟੀ ਨੂੰ ਕੱਢਣ ਦਾ ਕੰਮ ਸ਼ੁਰੂ ਕਰ ਦਿੱਤਾ ਹੈ। ਸਰਦੂਲਗੜ੍ਹ ਦੇ ਵਿਧਾਇਕ ਦਿਲਰਾਜ ਸਿੰਘ ਭੂੰਦੜ ਨੇ ਘੱਗਰ ਦਾ ਦੌਰਾ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਹੜ੍ਹਾਂ ਦਾ ਅਗਾਊਂ ਪ੍ਰਬੰਧ ਕਰਨ ਵਿੱਚ ਨਾਕਾਮ ਰਿਹਾ ਹੈ। ਘੱਗਰ ਵਿੱਚ ਪਾਣੀ ਆਉਣ ਕਾਰਨ ਰੰਗੋਈ ਵਿੱਚ ਪਾਣੀ ਛੱਡ ਦਿੱਤਾ ਗਿਆ ਹੈ, ਜਿਸ ਕਾਰਨ ਸੰਘਾ, ਰਾਜਰਾਣਾ, ਕਰੰਡੀ, ਲੁਹਾਰਖੇੜਾ ਅਤੇ ਖੈਰਾ ਕਲਾਂ ਦੇ ਕਿਸਾਨਾਂ ਦੀ ਫ਼ਸਲ ਖਰਾਬ ਹੋ ਗਈ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੋਂ ਪੀੜਤ ਕਿਸਾਨਾਂ ਲਈ ਨੁਕਾਸਨੀਆਂ ਗਈਆਂ ਫ਼ਸਲਾਂ ਦਾ



ਮੁਆਵਜ਼ਾ ਮੰਗਿਆ ਹੈ।

**ਲੋਕਾਂ ਨੂੰ ਡਰਨ ਦੀ ਲੋੜ ਨਹੀਂ: ਡੀਸੀ**

ਮਾਨਸਾ ਦੇ ਡਿਪਟੀ ਕਮਿਸ਼ਨਰ ਮਹਿੰਦਰ ਪਾਲ ਨੇ ਦੱਸਿਆ ਕਿ ਘੱਗਰ ਦਰਿਆ ਵਿੱਚ ਇਸ ਵੇਲੇ 20.3 ਫੁੱਟ ਪਾਣੀ ਚੱਲ ਰਿਹਾ ਹੈ। ਜਾਣਕਾਰੀ ਮੁਤਾ-ਬਕ ਪਾਣੀ ਅੱਜ-ਭਲਕੇ ਘਟਣ ਦੀ ਉਮੀਦ ਹੈ, ਜਿਸ ਕਰਕੇ ਇਲਾਕੇ ਦੇ ਲੋਕਾਂ ਨੂੰ ਫਿਲਹਾਲ ਡਰਨ ਦੀ ਲੋੜ ਨਹੀਂ। ਉਨ੍ਹਾਂ ਕਿਹਾ ਕਿ ਜਿਹੜੇ ਪਿੰਡਾਂ 'ਚੋਂ ਘੱਗਰ ਦਰਿਆ ਲੰਘਦਾ ਹੈ, ਉਥੇ ਲੋਕਾਂ ਦੀ ਜਾਨ-ਮਾਲ ਦੀ ਰਾਖੀ ਵਾਸਤੇ ਠੀਕਰੀ ਪਹਿਰੇ ਲਗਾ ਦਿੱਤੇ ਗਏ ਹਨ।

# ਬਰਨਾਲਾ: 12 ਅਗਸਤ ਨੂੰ ਸ਼ਹੀਦ ਕਿਰਨਜੀਤ ਮਹਿਲ ਕਲਾਂ ਬਰਸੀ ਸਮਾਗਮ 'ਚ ਸ਼ਾਮਲ ਹੋਣਗੇ ਕਿਸਾਨ ਨੇਤਾ

**ਬਰਨਾਲਾ।** ਸ਼ਹੀਦ ਕਿਰਨਜੀਤ ਕਤਲ ਕਾਂਡ ਵਿਰੋਧੀ ਐਕਸ਼ਨ ਕਮੇਟੀ ਵੱਲੋਂ 12 ਅਗਸਤ ਨੂੰ ਮਨਾਏ ਜਾ ਰਹੇ 24ਵੇਂ ਸ਼ਰਧਾਂਜਲੀ ਸਮਾਗਮ ਨੂੰ ਇਸ ਸਾਲ ਕਿਸਾਨ ਅੰਦੋਲਨ ਨੂੰ ਸਮਰਪਿਤ ਕੀਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਐਕਸ਼ਨ ਕਮੇਟੀ ਨੇ ਸਮਾਗਮ ਵਿੱਚ ਹਿੱਸਾ ਲੈਣ ਲਈ ਕਿਸਾਨ ਮੋਰਚੇ ਦੇ ਕੌਮੀ ਆਗੂਆਂ ਨੂੰ ਸੱਦਾ ਭੇਜਿਆ ਸੀ, ਜਿਸ ਨੂੰ ਸੰਯਕੁਤ ਕਿਸਾਨ ਮੋਰਚੇ ਨੇ ਸਵੀਕਾਰ ਕਰ ਲਿਆ ਹੈ। ਇਹ ਜਾਣਕਾਰੀ ਬਰਨਾਲਾ ਰੇਲਵੇ ਸਟੇਸ਼ਨ 'ਤੇ ਖੇਤੀ ਕਾਨੂੰਨਾਂ ਵਿਰੁੱਧ ਲੱਗੇ ਸਾਂਝੇ ਕਿਸਾਨ ਧਰਨੇ 'ਚ ਬੁਲਾਰਿਆਂ ਦਿੱਤੀ। ਮੋਰਚੇ ਦੀ ਸਥਾਨਕ ਲੀਡਰਸ਼ਿਪ ਨੇ ਵੀ ਫੈਸਲਾ ਕੀਤਾ ਹੈ ਕਿ ਬਰਨਾਲਾ ਜ਼ਿਲ੍ਹੇ 'ਚ ਮੋਰਚੇ ਦੀ ਅਗਵਾਈ ਵਿੱਚ ਚੱਲ ਰਹੇ ਸਾਰੇ ਧਰਨੇ 12 ਅਗਸਤ ਨੂੰ ਦਾਣਾ ਮੰਡੀ ਮਹਿਲ ਕਲਾਂ ਵਿਖੇ ਤਬਦੀਲ ਕੀਤੇ ਜਾਣਗੇ। ਅੱਜ ਧਰਨੇ ਨੂੰ ਉਜਾਗਰ ਸਿੰਘ ਬੀਹਲਾ, ਬਲਜੀਤ ਸਿੰਘ ਚੌਹਾਨਕੇ, ਬਾਬੂ ਸਿੰਘ ਖੁੱਡੀ ਕਲਾਂ, ਹਰਜੀਤ ਸਿੰਘ ਸੰਘੇੜਾ, ਮੇਲਾ ਸਿੰਘ ਕੱਟੂ, ਪ੍ਰੇਮਪਾਲ ਕੌਰ, ਰਮਨਦੀਪ ਕੌਰ, ਨੇਕਦਰਸ਼ਨ ਸਿੰਘ, ਅਮਰਜੀਤ ਕੌਰ, ਚਰਨਜੀਤ ਕੌਰ ਨੇ ਸੰਬੋਧਨ ਕੀਤਾ। ਅਜੈਬ ਸਿੰਘ ਠੀਕਰੀਵਾਲਾ ਨੇ ਆਪਣੇ ਪੋਤਰੇ ਪ੍ਰਭਜੀਤ ਸਿੰਘ ਦੇ ਜਨਮ ਦਿਨ ਦੀ ਖੁਸ਼ੀ ਲੱਡੂਆਂ ਦਾ ਲੰਗਰ ਲਾਇਆ।ਨ ਰਿੰਦਰਪਾਲ ਸਿੰਗਲਾ ਤੇ ਤੇਜਾ ਸਿੰਘ ਠੀਕਰੀਵਾਲਾ ਨੇ ਕਵਿਤਾ ਤੇ ਗੀਤ ਸੁਣਾਏ।



# ਕਾਂਗਰਸੀ ਵਿਧਾਇਕ ਦਾ ਕਾਫ਼ਲਾ ਰੋਕਿਆ

**ਪੱਟੀ।** ਬੀਤੇ ਕੱਲ੍ਹ ਇਲਾਕੇ ਦੇ ਪਿੰਡ ਦੁਬਲੀ ਅੰਦਰ ਬਾਬਾ ਸੰਤ ਖਾਲਸਾ ਸੇਵਾ ਸੁਸਾਇਟੀ ਦੇ ਮੈਂਬਰਾਂ ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਹਲਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਦਾ ਜਬਰਦਸਤ ਵਿਰੋਧ ਕਰਦਿਆਂ ਵਿਧਾਇਕ ਦੇ ਕਾਫ਼ਲੇ ਨੂੰ ਪਿੰਡ ਅੰਦਰ ਦਾਖ਼ਲ ਹੋਣ ਤੋਂ ਰੋਕ ਦਿੱਤਾ ਗਿਆ। ਇਸ ਮੌਕੇ ਪਿੰਡ ਦੇ ਨੌਜਵਾਨਾਂ ਵੱਲੋਂ ਵਿਧਾਇਕ ਗਿੱਲ ਨੂੰ ਕਾਂਗਰਸ ਸਰਕਾਰ ਵੱਲੋਂ ਨਸ਼ਾ ਖਤਮ ਕਰਨ, ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇਣ ਤੇ ਬਰਗਾੜੀ ਕਾਂਡ ਦੇ ਦੋਸ਼ੀਆਂ ਨੂੰ ਸਜ਼ਾਵਾਂ ਦੇਣ ਦੇ ਕੀਤੇ ਚੋਣ ਵਾਅਦੇ ਯਾਦ ਕਰਵਾਏ ਗਏ। ਇਸ ਤੋਂ ਇਲਾਵਾ ਪਿੰਡ ਵਾਸੀ ਨੌਜਵਾਨਾਂ ਨੇ ਸੀਚੇਵਾਲ ਮਾਡਲ ਤਹਿਤ ਪਿੰਡ ਦੁੱਬਲੀ ਨੂੰ ਵਿਕਸਤ ਕੀਤੇ ਜਾਣ ਬਾਰੇ ਵਿਧਾਇਕ ਗਿੱਲ ਵੱਲੋਂ ਚੋਣਾਂ ਤੋਂ ਪਹਿਲਾਂ ਕੀਤਾ ਵਾਅਦਾ ਯਾਦ ਕਰਵਾਉਂਦਿਆਂ ਕਿਹਾ ਕਿ ਪਹਿਲਾਂ ਕਾਂਗਰਸ ਸਰਕਾਰ ਤੇ ਵਿਧਾਇਕ ਗਿੱਲ ਆਪਣਾ ਚੋਣ ਵਾਅਦੇ ਪੂਰੇ ਕਰੇ ਨਹੀਂ ਤਾਂ ਵਿਰੋਧ ਜਾਰੀ ਰਹੇਗਾ। ਇਸ ਮਾਮਲੇ ਸਬੰਧੀ ਵਿਧਾਇਕ ਹਰਮਿੰਦਰ ਸਿੰਘ ਗਿੱਲ ਨਾਲ ਫੋਨ 'ਤੇ ਗੱਲਬਾਤ ਕਰਨੀ ਚਾਹੀ ਪਰ ਰਾਬਤਾ ਨਹੀਂ ਹੋ ਸਕਿਆ।



# ਖੇਤ ਮਜ਼ਦੂਰਾਂ ਵੱਲੋਂ ਪਰਗਟ ਸਿੰਘ ਦੇ ਘਰ ਅੱਗੇ ਮੁਜ਼ਾਹਰਾ

## ਕਰਜ਼ੇ ਮੁਆਫ਼ ਕਰਨ ਤੇ ਰਿਹਾਇਸ਼ੀ ਪਲਾਟਾਂ ਦੀ ਮੰਗ ਸਬੰਧੀ ਪੱਤਰ ਸੌਂਪਿਆ

**ਜਲੰਧਰ।** ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਜਲੰਧਰ ਛਾਉਣੀ ਤੋਂ ਕਾਂਗਰਸੀ ਵਿਧਾਇਕ ਪਰਗਟ ਸਿੰਘ ਦੇ ਘਰ ਤੱਕ ਮੁਜ਼ਾਹਰਾ ਕਰਕੇ ਵਿਧਾਇਕ ਦੀ ਗੈਰਹਾਜ਼ਰੀ ਵਿੱਚ ਉਸ ਦੇ ਪੀਏ ਨੂੰ ਮੰਗ ਪੱਤਰ ਸੌਂਪਿਆ। ਵਿਧਾਇਕ ਦੇ ਗੈਰਹਾਜ਼ਰ ਹੋਣ ਤੋਂ ਨਾਰਾਜ਼ ਮਜ਼ਦੂਰਾਂ ਨੇ ਘਰ ਅੱਗੇ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਤੋਂ ਪਹਿਲਾਂ ਪੀਵੀਆਰ ਮਾਲ ਅੱਗੇ ਇਕੱਠੇ ਹੋ ਕੇ ਮਜ਼ਦੂਰਾਂ ਨੇ ਵਿਧਾਇਕ ਪਰਗਟ ਸਿੰਘ ਦੇ ਘਰ ਤੱਕ ਮੁਜ਼ਾਹਰਾ ਵੀ ਕੀਤਾ। ਧਰਨੇ ਦੀ ਅਗਵਾਈ ਮਜ਼ਦੂਰ ਆਗੂ ਹਰਮੇਸ਼ ਮਾਲੜੀ, ਬਲਦੇਵ ਨੂਰਪੁਰੀ ਅਤੇ ਹੰਸ ਰਾਜ ਪੱਬਵਾਂ ਨੇ ਕੀਤੀ।

ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ ਮੁਆਫ ਕਰਾਉਣ, ਰਿਹਾਇਸ਼ੀ ਪਲਾਟ ਲੈਣ, ਬਿਜਲੀ ਬਿੱਲਾਂ ਦੇ ਬਕਾਏ ਮੁਆਫ਼ ਕਰਾਉਣ ਸਮੇਤ ਖੇਤੀ ਅਤੇ ਮਜ਼ਦੂਰ ਵਿਰੋਧੀ ਕਾਨੂੰਨ ਰੱਦ ਕਰਾਉਣ ਵਰਗੀਆਂ ਮੰਗਾਂ ਨੂੰ ਲੈ ਕੇ ਮਜ਼ਦੂਰਾਂ ਵੱਲੋਂ 9 ਅਗਸਤ ਤੋਂ ਪਟਿਆਲਾ ਵਿੱਚ ਧਰਨਾ ਲਾਇਆ ਜਾ ਰਿਹਾ ਹੈ। ਆਗੂਆਂ ਨੇ ਦੋਸ਼ ਲਾਇਆ ਕਿ ਕਾਂਗਰਸ ਹਕੂਮਤ ਮਜ਼ਦੂਰਾਂ ਨਾਲ ਵਿਤਕਰੇਬਾਜ਼ੀ ਕਰ ਰਹੀ ਹੈ। ਇਸੇ ਲਈ ਸਾਢੇ ਚਾਰ ਸਾਲ ਬੀਤਣ ਦੇ ਬਾਵਜੂਦ ਵੀ ਕਾਂਗਰਸ ਸਰਕਾਰ ਨੇ ਮਜ਼ਦੂਰਾਂ ਦੀਆਂ ਮੰਗਾਂ ਪ੍ਰਤੀ ਘੇਸਲ ਮਾਰੀ ਹੋਈ ਹੈ। ਇਸ ਮੌਕੇ



ਕਸ਼ਮੀਰ ਸਿੰਘ ਘੁੱਗਸ਼ੋਰ, ਹਰਪਾਲ ਬਿੱਟੂ ਅਤੇ ਸੁਨੀਤਾ ਨੂਰਪੁਰੀ ਨੇ ਵੀ ਸੰਬੋਧਨ ਕੀਤਾ।

# ਚੰਡੀਗੜ੍ਹ ਪੁੱਜੀ ਪਹਿਲੀ ਇਲੈਕਟ੍ਰਿਕ ਬੱਸ

**ਚੰਡੀਗੜ੍ਹ।** ਸਿਟੀ ਬਿਊਟੀਫੁੱਲ ਨੂੰ ਪ੍ਰਦੂਸ਼ਣ ਮੁਕਤ ਕਰਨ ਲਈ ਯੂਟੀ ਪ੍ਰਸ਼ਾਸਨ ਦੇ ਟਰਾਂਸਪੋਰਟ ਵਿਭਾਗ ਵੱਲੋਂ 40 ਨਵੀਆਂ ਇਲੈਕਟ੍ਰਿਕ ਬੱਸਾਂ ਲੈਣ ਲਈ ਨਿੱਜੀ ਕੰਪਨੀ ਨਾਲ ਸਮਝੌਤਾ ਕੀਤਾ ਗਿਆ ਸੀ। ਇਹ ਬੱਸਾਂ ਅਕਤੂਬਰ ਮਹੀਨੇ ਤੋਂ ਚੰਡੀਗੜ੍ਹ ਦੀਆਂ ਸੜਕਾਂ 'ਤੇ ਦੌੜਨਗੀਆਂ। ਕੰਪਨੀ ਨੇ ਪਹਿਲੀ ਇਲੈਕਟ੍ਰਿਕ ਬੱਸ ਚੰਡੀਗੜ੍ਹ ਪ੍ਰਸ਼ਾਸਨ ਦੇ ਹਵਾਲੇ ਕਰ ਦਿੱਤੀ ਹੈ ਜਦਕਿ ਹੋਰ ਬੱਸਾਂ ਵੀ ਆਉਣ ਵਾਲੇ ਦਿਨਾਂ ਵਿੱਚ ਚੰਡੀਗੜ੍ਹ ਪਹੁੰਚ ਜਾਣਗੀਆਂ।

ਪ੍ਰਾਪਤ ਜਾਣਕਾਰੀ ਅਨੁਸਾਰ ਯੂਟੀ ਪ੍ਰਸ਼ਾਸਨ ਨੇ ਟੈਂਡਰ ਜਾਰੀ ਕਰ ਕੇ 10 ਸਾਲਾਂ ਦੀ ਸਰਵਿਸ ਅਤੇ ਹੋਰ ਸਹੂਲਤਾਂ ਲਈ ਕੰਪਨੀਆਂ ਨੂੰ ਅੱਗੇ ਆਉਣ ਦੀ ਅਪੀਲ ਕੀਤੀ ਸੀ। ਉਸ ਸਮੇਂ ਤਿੰਨ ਕੰਪਨੀਆਂ ਅੱਗੇ ਆਈਆਂ ਸਨ ਜਿਨ੍ਹਾਂ ਵਿੱਚੋਂ ਸਭ ਤੋਂ ਘੱਟ ਬੋਲੀ ਲਗਾਉਣ ਵਾਲੀ ਕੰਪਨੀ ਨੂੰ 10 ਸਾਲਾਂ ਲਈ ਬੱਸਾਂ ਚਲਾਉਣ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਸ ਲਈ ਯੂਟੀ ਪ੍ਰਸ਼ਾਸਨ ਵੱਲੋਂ ਕੰਪਨੀ ਨੂੰ 60 ਰੁਪਏ ਪ੍ਰਤੀ ਕਿਲੋਮੀਟਰ ਦਿੱਤੇ ਜਾਣਗੇ। ਦੱਸਣਯੋਗ ਹੈ ਕਿ ਸੀਟੀਯੂ ਕੋਲ ਇਸ ਸਮੇਂ ਕੁੱਲ 514 ਬੱਸਾਂ ਹਨ ਜਿਨ੍ਹਾਂ ਵਿੱਚੋਂ 361 ਲੋਕਲ ਅਤੇ ਆਲੇ-ਦੁਆਲੇ ਦੇ ਇਲਾਕੇ ਵਿੱਚ ਚੱਲ ਰਹੀਆਂ ਹਨ ਜਦਕਿ 153 ਬੱਸਾਂ ਅੰਤਰਰਾਜੀ ਰੂਟਾਂ 'ਤੇ ਦੌੜ ਰਹੀਆਂ ਹਨ।

**ਅਕਤੂਬਰ ਤੱਕ ਪੁੱਜ ਜਾਣਗੀਆਂ ਸਾਰੀਆਂ ਬੱਸਾਂ**

ਟਰਾਂਸਪੋਰਟ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਨੇ ਦੱਸਿਆ ਕਿ ਟਰਾਂਸਪੋਰਟ ਵਿਭਾਗ ਨੇ 40 ਇਲੈਕਟ੍ਰਿਕ ਬੱਸਾਂ ਚਲਾਉਣ ਦਾ ਫ਼ੈਸਲਾ ਕੀਤਾ ਸੀ ਜਿਸ ਵਿੱਚੋਂ ਪਹਿਲੀ ਬੱਸ ਚੰਡੀਗੜ੍ਹ ਪਹੁੰਚ ਚੁੱਕੀ ਹੈ ਜਦਕਿ 19 ਬੱਸਾਂ 30 ਸਤੰਬਰ ਤੱਕ ਪਹੁੰਚ ਜਾਣਗੀਆਂ ਜਦਕਿ ਬਾਕੀ 20 ਬੱਸਾਂ ਅਕਤੂਬਰ ਵਿੱਚ ਆਉਣਗੀਆਂ। ਉਨ੍ਹਾਂ ਦੱਸਿਆ ਕਿ ਪਹਿਲੀ ਬੱਸ ਰਾਹੀ ਸਟਾਫ਼ ਅਤੇ ਹੋਰਨਾਂ ਅਧਿਕਾਰੀਆਂ ਨੂੰ ਜਾਣਕਾਰੀ ਦਿੱਤੀ ਜਾਵੇਗੀ ਤੇ ਹੋਰ 19 ਬੱਸਾਂ ਆਉਣ ਤੋਂ ਬਾਅਦ ਰਸਮੀ ਤੌਰ 'ਤੇ ਸੜਕਾਂ 'ਤੇ ਉਤਾਰਿਆ ਜਾਵੇਗਾ।



# ਰਾਕੇਸ਼ ਸ਼ਰਮਾ ਸਵੀਟੀ ਯੂਵਾ ਬ੍ਰਾਹਮਣ ਸਭਾ ਦੇ ਪ੍ਰਧਾਨ ਬਣੇ



**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਯੂਵਾ ਬ੍ਰਾਹਮਣ ਸਭਾ ਕਰਤਾਰਪੁਰ ਦੀ ਮੀਟਿੰਗ ਜੱਸਾ ਮੱਲ ਤਲਾਬ ਕਰਤਾਰਪੁਰ ਵਿਖੇ ਹੋਈ। ਮੀਟਿੰਗ ਵਿੱਚ ਸਰਬਸੰਮਤੀ ਨਾਲ ਰਾਕੇਸ਼ ਸ਼ਰਮਾ ਸਵੀਟੀ ਨੂੰ ਪ੍ਰਧਾਨ ਚੁਣਿਆ ਗਿਆ ਇਸ ਤੋ ਇਲਾਵਾ ਦੀਪਕ ਸ਼ਾਰਧਾ ਨੂੰ ਸੀਨੀਅਰ ਵਾਈਸ ਪ੍ਰਧਾਨ ਬਣਾਇਆ ਗਿਆ ਬਾਕੀ ਅਹਦੇਦਾਰਾ ਦਾ ਐਲਾਨ ਜਲਦੀ ਹੀ ਪ੍ਰਧਾਨ ਸਵੀਟੀ ਕਰਨਗੇ। ਇਸ ਮੋਕੇ ਬੰਕੇਸ਼ ਸ਼ਰਮਾ, ਅਨੀਲ ਸ਼ਰਮਾ, ਸੁਰਿੰਦਰ ਭਾਰਦਵਾਜ, ਅਸ਼ਵਨੀ ਪਰਾਸ਼ਰ, ਵਿਜੈ ਕੁਮਾਰ ਕਾਲੀਆ, ਗੋਰਵ ਕਾਲੀਆ, ਰਜਿੰਦਰ ਨਾਗਰ, ਪ੍ਰਦੀਪ ਕਪਿਲ, ਨੀਤੀਨ ਸ਼ਰਮਾ, ਰਾਹੁਲ ਸ਼ਰਮਾ, ਸੂਰਜ, ਦਿਨੇਸ਼ ਸ਼ਾਰਧਾ, ਦੀਪਕ ਦੀਪਾ, ਸੰਜੀਵ ਭਨੋਟ, ਧੀਰਜ ਸਕਸੈਨਾ, ਸੰਦੀਪ ਭਾਟੀਆ, ਸੰਨੀ, ਪਵਨ ਗੋਤਮ, ਰਾਜੇਸ਼ ਕਾਲੀ ਆਦਿ ਪਤਵੰਤੇ ਸੱਜਣ ਹਾਜਰ ਸਨ ।

# ਭਾਰਤੀ ਕਿਸਾਨ ਯੂਨੀਅਨ ਦੀ ਮਾਸਕ ਮੀਟਿੰਗ ਵਿੱਚ ਕਿਸਾਨੀ ਮੁੱਦਿਆਂ ਤੇ ਹੋਈਆਂ ਵਿਚਾਰਾਂ



**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼)** ਭਾਰਤੀ ਕਿਸਾਨ ਯੂਨੀਅਨ ਕਾਦੀਆਂ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਸਬੀਰ ਸਿੰਘ ਲਿੱਟਾਂ ਅਤੇ ਬਲਾਕ ਪ੍ਰਧਾਨ ਬਹਾਦਰ ਸਿੰਘ ਮੱਲੀਆਂ ਦੀ ਪ੍ਰਧਾਨਗੀ ਹੇਠ ਸ੍ਰੀ ਗੰਗਸਰ ਗੁਰੂਦੁਆਰਾ ਸਾਹਿਬ ਕਰਤਾਰਪੁਰ ਵਿਖੇ ਹੋਈ। ਮੀਟਿੰਗ ਵਿੱਚ ਵਿਚਾਰ ਕੀਤੀ ਕਿ

ਜੋ ਦਿੱਲੀ ਦੇ ਸਿੰਧੂ ਬਾਰਡਰ ਤੇ ਕਿਸਾਨ ਤਿੰਨ ਕਾਲੇ ਕਾਨੂੰਨ ਰੱਦ ਕਰਾਉਣ ਵਾਸਤੇ ਬਿਜਲੀ ਐਕਟ 2020 ਖ਼ਤਮ ਕਰਨ ਲਈ ਬੜੀ ਵੱਡੀ ਜੱਦੋ ਜਹਿਦ ਨਾਲ ਸਾਰਾ ਭਾਰਤ ਅਤੇ ਪੰਜਾਬ ਵੱਲੋਂ ਕਿਸਾਨ ਮਜ਼ਦੂਰ ਲੜ ਰਹੇ ਹਨ। ਜਿੰਨਾ ਚਿਰ ਕਾਲੇ ਕਾਨੂੰਨ ਰੱਦ ਨਹੀਂ ਹੁੰਦੇ ਉਨ੍ਹਾਂ ਚਿਰ ਕਿਸਾਨ ਦਿੱਲੀ ਤੋਂ ਵਾਪਸ ਨਹੀਂ ਆਉਣਗੇ ਤੇ ਸੰਸਦ ਭਵਨ ਦੀ ਰੋਜ਼ ਕਿਸਾਨ ਆਪਣੀ ਵੱਖਰੀ ਜੰਤਰ ਮੰਤਰ ਤੋਂ ਲੋਕ ਸਭਾ ਲਾ ਕੇ ਕਿਸਾਨਾਂ ਦੇ ਹੱਕ ਵਿਚ ਸੰਘਰਸ਼ ਕਰਦੇ ਰਹਿਣਗੇ ਤੇ ਮੋਦੀ ਸਰਕਾਰ ਦਾ ਰਵੱਈਆ ਬਹੁਤ ਨਿੰਦਣਯੋਗ ਹੈ। ਝੋਨੇ ਦਾ ਐੱਮ ਪੀ ਐੱਸ ਹਿਸਾਬ ਨਾਲ 3500/- ਸੌ ਰੁਪਏ,ਮੱਕੀ 2500/-ਰੁਪਏ ,ਅਤੇ ਗੰਨਾ 500/-ਰੁਪਏ ਦੇ ਰੇਟ ਬਣਦਾ ਜੋ 72 ਰੁਪਏ ਝੋਨੇ ਤੇ ਰੇਟ ਵਧਾ ਉਹ ਯੂਨੀਅਨ ਰੱਦ ਕਰਦੀ ਹੈ।

ਜੋ ਡੀਜ਼ਲ,ਪਟਰੋਲ,ਸਿਲੰਡਰ ਅਤੇ ਘਰੇਲੂ ਵੱਡੇ ਪੱਧਰ ਤੇ ਰੇਟ ਵਧਾਏ ਹਨ। ਇਹ ਮੋਦੀ ਸਰਕਾਰ ਦੀ ਗ਼ਰੀਬ ਲੋਕਾਂ ਨੂੰ ਮਾਰਨ ਦੀ ਬਹੁਤ ਵੱਡੀ ਚਾਲ ਹੈ। ਪਹਿਲਾਂ ਲੋਕ ਡੇਢ ਸਾਲ ਤੋਂ ਕੋਰੋਨਾ ਨਾਲ ਲੜ ਰਹੇ ਹਨ ਤੇ ਹੁਣ ਮਹਿਗਾਈ ਦੀ ਮਾਰ ਹੇਠ ਲੋਕ ਬਹੁਤ ਵੱਡੀ ਪੱਧਰ ਤੇ ਪਿਸ ਰਹੇ ਹਨ। ਮੋਦੀ ਸਰਕਾਰ ਲੋਕਾਂ ਬਾਰੇ ਸੋਚੇ ਲੋਕ ਤਿੰਨ ਟਾਈਮ ਦੀ ਰੋਟੀ ਕਿੱਥੋਂ ਖਾਣਗੇ।

ਕਿਸਾਨਾਂ ਨੂੰ ਪੈੜੀ ਸੀਜ਼ਨ ਵਿਚ ਅੱਠ ਘੰਟੇ ਨਿਰਵਿਘਨ ਬਿਜਲੀ ਦਿੱਤੀ ਜਾਵੇ। ਸੜੇ ਟਰਾਂਸਫਾਰਮਰ 24 ਘੰਟੇ ਵਿੱਚ ਰੱਖ ਕੇ ਖੇਤੀ ਸੁੱਕਣ ਤੋਂ ਬਚਾਇਆ ਜਾਵੇ। ਪੰਜਾਬ ਵਿੱਚ ਬਹੁਤ ਵੱਡੇ ਪੱਧਰ ਤੇ ਰਿਸ਼ਵਤ ਚਲਦੀ ਹੈ ਉਹ ਬੰਦ ਕੀਤੀ ਜਾਵੇ ਅਤੇ ਹਰੇਕ ਮਹਿਕਮੇ ਵਿਚ ਜਲਦੀ ਨਵੀਂ ਭਰਤੀ ਕੀਤੀ ਜਾਵੇ ਤਾਂ ਕਿ ਬੇਰੋ-ਜ਼ਗਾਰ ਬੱਚਿਆਂ ਪੜ੍ਹਾਈ ਕਰਕੇ ਆਪਣੇ ਕੰਮਾਂ ਤੇ ਲੱਗ ਸਕਣ ਅਤੇ ਕਿਸਾਨਾਂ ਦਾ ਸਮੁੱਚਾ ਕਰਜ਼ਾ ਮੁਆਫ਼ ਕੀਤਾ ਜਾਵੇ। ਯੂਰੀਆ ਦੀ ਬਹੁਤ ਵੱਡੀ ਘਾਟ ਆ ਰਹੀ ਹੈ ਅਤੇ ਫ਼ਸਲਾਂ ਨੂੰ ਯੂਰੀਆ ਦੀ ਬਹੁਤ ਜ਼ਰੂਰਤ ਹੈ। ਸਰਕਾਰ ਇਸ ਦਾ ਪ੍ਰਬੰਧ ਤੁਰੰਤ ਕਰੇ।

ਇਸ ਮੌਕੇ ਤੇ ਜਸਬੀਰ ਸਿੰਘ ਲਿੱਟਾਂ ਪ੍ਰਧਾਨ, ਮੋਹਨ ਲਾਲ ਮੱਲੀਆਂ ਸਾਬਕਾ ਸਰਪੰਚ, ਸੁਖਪਾਲ ਸਿੰਘ ਕਾਹਲਵਾਂ, ਸੂਰਤ ਸਿੰਘ ਉਧੋਵਾਲ, ਜੋਗਿੰਦਰ ਸਿੰਘ ਕਰਤਾਰਪੁਰ, ਸਤਿੰਦਰ ਸਿੰਘ ਮੱਲੀਆਂ ਮੁੱਖ ਬਲਾਕ, ਗੁਲਜ਼ਾਰ ਸਿੰਘ ਖੱਸਣ, ਸੰਤੋਖ ਸਿੰਘ ਕਾਲਾਖੇੜਾ, ਆਦਿ ਹਾਜ਼ਰ ਸਨ।

# ਮਾਸਟਰ ਸਲੀਮ ਅਤੇ ਭਗਤ ਕੁਮਾਰ ਸੋਨੂੰ ਨੇ ਮਹਾਮਾਈ ਦਾ ਗੁਨਗਾਣ ਕੀਤਾ







**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਮਾਤਾ ਸ਼ੀਤਲਾ ਭਜਨ ਮੰਡਲੀ ਕਰਤਾਰਪੁਰ ਦੀ ਤਰਫੋਂ ਮਾਤਾ ਸ਼ੀਤਲਾ ਮੰਦਰ ਵਿੱਚ 37 ਵਾਂ ਵਿਸ਼ਾਲ ਭਗਵਤੀ ਜਾਗਰਣ ਬੜੀ ਸ਼ਰਧਾ ਅਤੇ ਧੂਮਧਾਮ ਨਾਲ ਆਯੋਜਿਤ ਕੀਤਾ ਗਿਆ। ਮਾਂ ਭਗਵਤੀ ਦਾ ਖੂਬਸੂਰਤ ਦਰਬਾਰ ਆਪਣਾ ਵਖਰੀ ਹੀ ਆਭਾ ਫੈਲਾ ਰਿਹਾ ਸੀ। ਜਿਸ ਵਿੱਚ ਮਹੰਤ ਭਗਤ ਕੁਮਾਰ ਸੋਨੂੰ ਨੇ ਮਾਂ ਭਗਵਤੀ ਦੀ ਪਵਿੱਤਰ ਜੋਤਿ ਜਗਾਈ ਅਤੇ ਗਣਪਤੀ ਜੀ ਦੀ ਪੂਜਾ ਕਰਕੇ ਜਾਗਰਣ ਦੀ ਸ਼ੁਰੂਆਤ ਕੀਤੀ। ਉਸ ਤੋਂ ਬਾਅਦ, ਗਾਇਕ ਮਾਸਟਰ ਸਲੀਮ, ਮਹਾਮਾਈ ਦੇ ਦਰਬਾਰ ਵਿੱਚ ਆਪਣੀ ਹਾਜ਼ਰੀ ਲਗਵਾਉਂਦੇ ਹੋਏ, ਆਪਣੀਆਂ ਸੁੰਦਰ ਭੇਟਾਂ ਗਾ ਕੇ ਸ਼ਰਧਾਲੂਆਂ ਨੂੰ ਨਿਹਾਲ ਕਰਦੇ ਰਹੇ। ਸੈਂਕੜੇ ਸ਼ਰਧਾਲੂਆਂ ਨੇ ਦਰਬਾਰ ਵਿੱਚ ਸਿਰ ਝੁਕਾਇਆ ਅਤੇ ਮਹਾਮਾਈ ਦੇ ਜਾਗਰਣ ਦਾ ਅਨੰਦ ਮਾਣਿਆ। ਮੰਦਰ ਪ੍ਰਬੰਧਕ ਕਮੇਟੀ ਵੱਲੋਂ ਵਿਸ਼ਾਲ ਲੰਗਰ ਵੀ ਲਗਾਇਆ ਗਿਆ। ਭਜਨ ਮੰਡਲੀ ਦੇ ਪ੍ਰਧਾਨ ਪ੍ਰਵੀਨ ਭੱਲਾ, ਪ੍ਰਧਾਨ ਕਮਲ ਡੈਨੀ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਚੇਅਰਮੈਨ ਪ੍ਰਵੀਨ ਭੱਲਾ, ਪ੍ਰਧਾਨ ਕਮਲ ਡੈਨੀ, ਸੋਮਨਾਥ, ਰਮਨ ਓਹਰੀ, ਰਾਜੇਸ਼ ਅਗਰਵਾਲ, ਸੰਜੀਵ ਭੱਲਾ, ਸ਼ਵਿ ਓਹਰੀ, ਸੰਜੀਵ ਕੁਮਾਰ ਨਗਰ ਕੌਂਸਲ ਦੇ ਪ੍ਰਿੰਸੀਪਲ ਪ੍ਰਿੰਸ ਅਰੋੜਾ, ਕੌਂਸਲਰ ਜੋਤੀ ਅਰੋੜਾ, ਪ੍ਰਦੀਪ ਕਾਲੀਆ, ਸੁਦਰਸ਼ਨ ਓਹਰੀ, ਰਾਕੇਸ਼ ਕੋਡਾ, ਅਮਰ ਕੁਮਾਰ, ਕ੍ਰਿਸ਼ਨਾ, ਚਰਨਜੀਤ ਕੋਡਾ, ਪ੍ਰਵੇਸ਼ ਭੱਲਾ ਹਰਮਨ, ਬਾਬਾ ਦਾਨੀਆ ਰਿਸ਼ੂ ਬਾਹਰੀ, ਮਨੋਜ ਫੌਜੀ, ਸੁਮਿਤ ਸਮੇਤ ਬਹੁਤ ਸਾਰੇ ਸ਼ਰਧਾਲੂ ਮੌਜੂਦ ਸਨ।

# ਕਰਤਾਰਪੁਰ ਵਿੱਚ ਬੜੇ ਚਾਵਾਂ ਨਾਲ ਮਨਾਇਆ ਤੀਆਂ ਦਾ ਤਿਉਹਾਰ



**ਕਰਤਾਰਪੁਰ (ਜਸਵੰਤ ਵਰਮਾ, ਦਿਨੇਸ਼ ਕੁਮਾਰ)** ਸਾਉਣ ਮਹੀਨੇ ਪੰਜਾਬ ਵਿੱਚ ਮਨਾਇਆ ਜਾਣ ਵਾਲਾ ਤੀਆਂ ਦਾ ਤਿਉਹਾਰ ਮੁਹੱਲਾ ਭਾਈ ਭਾਰਾ ਵੱਲੋਂ ਅੱਜ ਕਰਤਾਰਪੁਰ ਵਿੱਚ ਬੜੇ ਹੀ ਚਾਵਾਂ ਨਾਲ ਮਨਾਇਆ ਗਿਆ। ਜਿਸ ਦੇ ਚਲਦਿਆਂ ਨਵੀਆਂ ਸੱਜ ਵਿਆਹੀਆਂ ਆਪਣੇ ਪੇਕੇ ਘਰ ਆਉਣ ਤੇ ਸਥਾਨਕ ਜੱਸੇ ਦੇ ਤਲਾਬ ਤੇ ਰੱਖੇ ਗਏ ਪ੍ਰੋਗਰਾਮ ਵਿੱਚ ਪਹੁੰਚੀਆਂ ਤਾਂ ਉੱਥੇ ਚੱਲ ਰਹੇ ਪ੍ਰੋਗਰਾਮ ਵਿੱਚ ਗਿੱਧਾ ਪਾ ਕੇ ਸਭ ਨੂੰ ਨੱਚਣ ਲਾ ਦਿੱਤਾ। ਇਸ ਦੌਰਾਨ ਪੀਂਘਾ ਝੂਟਦੀਆਂ ਨਵ ਵਿਆਹੀਆਂ ਨੇ ਦਿਲ ਦੇ ਖ਼ੂਬ ਚਾਅ ਪੂਰੇ ਕੀਤੇ। ਇਸ ਪ੍ਰੋਗਰਾਮ ਦਾ ਉਦਘਾਟਨ ਸਾਬਕਾ ਕੌਂਸਲਰ ਮਨਜੀਤ ਸਿੰਘ ਵੱਲੋਂ ਰੀਬਨ ਕੱਟ ਕੇ ਕੀਤਾ ਗਿਆ। ਇਸ ਦੌਰਾਨ ਡੀ ਜੇ ਲਗਾ ਕਿ ਕੁੜੀਆਂ, ਨਵ ਵਿਆਹੀਆਂ ਤੇ ਔਰਤਾਂ ਵੱਲੋਂ ਖ਼ੂਬ ਭੰਗੜਾ ਪਾਇਆ ਗਿਆ। ਪ੍ਰੋਗਰਾਮ ਮੌਕੇ ਆਏ ਹੋਏ ਸਭ ਲਈ ਵੱਖ ਵੱਖ ਪਦਾਰਥਾਂ ਦੇ ਪਕਵਾਨ ਬਣਾਏ ਗਏ। ਇਸ ਮੌਕੇ ਕੁਲਵਿੰਦਰ ਕੌਰ ਭੁੱਲਰ, ਸੁਖਮਨ ਕੌਰ, ਕੌਂਸਲਰ ਬਲਵਿੰਦਰ ਕੌਰ ਭਿੱਤੀ, ਅਮਰਜੀਤ ਕੌਰ ਢਿੱਲੋਂ, ਪਵਨਦੀਪ ਕੌਰ ਕਾਹਲੋਂ, ਜਪਨਜੋਤ ਕੌਰ ਕਾਹਲੋਂ, ਪਰਮਜੀਤ ਕੌਰ ਪੰਮੀ, ਹਰਬੰਸ ਕੌਰ ਪਲਾਹਾ, ਰਾਜਵਿੰ-ਦਰ ਕੌਰ ਖੇਲਾ, ਸਿਮਰਨਜੋਤ ਕੌਰ ਭੁੱਲਰ, ਲਖਵਿੰਦਰ ਕੌਰ ਭੁੱਲਰ, ਮਨਦੀਪ ਕੌਰ ਨੀਰੂ, ਰਣਜੀਤ ਕੌਰ, ਗੁਰਲੀਨ ਕੌਰ, ਸੋਨੀਆ ਕਰੀਰ, ਨੀਲਮ ਕਰੀਰ, ਮਨਜੀਤ ਕੌਰ, ਰਾਜਬੀਰ ਕੌਰ, ਰੰਝੂ, ਕੁਲਵਿੰਦਰ, ਅਨੂ, ਹਰਪ੍ਰੀਤ ਕੌਰ ਖੇਲਾ, ਸਤਿੰਦਰ ਕੌਰ, ਕੌਂਸਲਰ ਓਂਕਾਰ ਸਿੰਘ ਮਿੱਠੂ, ਮਨਮੋਹਨ ਸਿੰਘ ਭੁੱਲਰ, ਮਨਜੀਤ ਸਿੰਘ ਸਾਬਕਾ ਕੌਂਸਲਰ, ਮਨਪ੍ਰੀਤ ਸਿੰਘ ਨਰਵਾਨ, ਜਸਵਿੰਦਰ ਸਿੰਘ ਵਿੱਕੀ, ਹਰਜਿੰਦਰ ਸਿੰਘ ਭੁੱਲਰ, ਪਾਲੀ ਸਿੰਘ, ਸਹਿਜ ਹੱਲਣ, ਹੀਰਾ ਹੱਲਣ, ਹਰਵਿੰ-ਦਰ ਸਿੰਘ ਰਿੰਕੂ, ਸਹਿਜਪ੍ਰੀਤ, ਜੋਬਨ ਭੁੱਲਰ ਆਦਿ ਮੋਜੂਦ ਸਨ।

# ਸਰਦੂਲਗੜ੍ਹ: ਘੱਗਰ ’ਚ ਪਾਣੀ ਦਾ ਪੱਧਰ ਵੱਧਣ ਕਾਰਨ ਪੁਲ ਬੰਦ ਕੀਤਾ



**ਸਰਦੂਲਗੜ੍ਹ।** ਇਥੇ ਘੱਗਰ ਦਰਿਆ ਵਿੱਚ ਲਗਾਤਾਰ ਪਾਣੀ ਵਧਣ ਅਤੇ ਦਰਿਆ ਵਿਚਲੀ ਜੰਗਲੀ ਬੂਟੀ ਪੁਲ ਵਿੱਚ ਫਸਣ ਕਾਰਨ ਪਾਣੀ ਦੀ ਡਾਫ ਪੁਲ ਨਾਲ ਲੱਗ ਗਈ। ਪ੍ਰਸ਼ਾਸਨ ਵੱਲੋ ਇਸ ਦੀ ਸਫਾਈ ਕਰਾਉਣ ਲਈ ਪੁਲ ਨੂੰ ਬੰਦ ਕਰ ਦਿੱਤਾ ਗਿਆ ਹੈ, ਜਿਸ ਕਾਰਨ ਲੋਕਾ ਨੂੰ ਸਰਦੂਲਗੜ੍ਹ ਆਉਣ ਲਈ 10 ਤੋਂ 15 ਕਿਲੋਮੀਟਰ ਦਾ ਰਸਤਾ ਤੈਅ ਕਰਕੇ ਸਰਦੂਲਗੜ੍ਹ ਆਉਣਾ ਪੈ ਰਿਹਾ ਹੈ। ਮਾਨਸਾ ਵੱਲੋਂ ਆ ਰਹੇ ਲੋਕਾਂ ਨੂੰ ਪਿੰਡ ਭਗਵਾਨਪੁਰ ਹੀਂਗਣਾ ਅਤੇ ਸਿਰਸਾ ਵੱਲੋਂ ਆ ਰਹੇ ਲੋਕਾ ਨੂੰ ਪਿੰਡ ਝੰਡਾ ਖੁਰਦ ਤੋ ਰੰਗਾ ਹੋਕੇ ਆਉਣਾ ਪੈ ਰਿਹਾ ਹੈ। ਹਲਕਾ ਸਰਦੂਲਗੜ੍ਹ ਦੇ ਅਕਾਲੀ ਵਿਧਾਇਕ ਦਿਲਰਾਜ ਸਿੰਘ ਭੂੰਦੜ ਨੇ ਘੱਗਰ ਦਾ ਦੌਰਾ ਕੀਤਾ। ਉਨ੍ਹਾਂ ਨੇ ਕਿਹਾ ਹੜ੍ਹਾਂ ਦਾ ਅਗਾਊਂ ਪ੍ਰਬੰਧ ਕਰਨ ਵਿੱਚ ਸਰਕਾਰ ਅਤੇ ਪ੍ਰਸ਼ਾਸਨ ਨਾਕਾਮ ਰਿਹਾ। ਉਨ੍ਹਾਂ ਕਿਹਾ ਕਿ ਘੱਗਰ ਦਰਿਆ ਵਿੱਚ ਪਾਣੀ ਆਉਣ ਕਾਰਨ ਪਿੰਡ ਸੰਘਾ, ਰਾਜਰਾਣਾ, ਕਰੰਡੀ, ਲੁਹਾਰਖੇੜਾ ਅਤੇ ਖੈਰਾ ਕਲਾਂ ਦੇ ਕਿਸਾਨਾਂ ਦੀ ਫਸਲ ਖਰਾਬ ਹੋ ਗਈ ਹੈ। ਉਨ੍ਹਾਂ ਪੰਜਾਬ ਸਰਕਾਰ ਅਤੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਿਸਾਨਾ ਨੂੰ ਖਰਾਬ ਹੋਈ ਫਸਲ ਦਾ ਮੁਆਵਜ਼ਾ ਦਿੱਤਾ ਜਾਵੇ।

# ਮਦਨ ਮੋਹਨ ਮਿੱਤਲ ਦੇ ਕਾਫ਼ਲੇ ਅੱਗੇ ਲੰਮੇ ਪਏ ਕਿਸਾਨ

**ਸ੍ਰੀ ਆਨੰਦਪੁਰ ਸਾਹਿਬ।** ਸੀਨੀਅਰ ਭਾਜਪਾ ਆਗੂ ਮਦਨ ਮੋਹਨ ਮਿੱਤਲ ਵੱਲੋਂ ਸ੍ਰੀ ਆਨੰਦਪੁਰ ਸਾਹਿਬ ਵਿਧਾਨ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ ਦੇ ਕੀਤੇ ਜਾ ਰਹੇ ਦੌਰਿਆਂ ਦਾ ਕਿਸਾਨ ਲਗਾਤਾਰ ਵਿਰੋਧ ਕਰ ਰਹੇ ਹਨ। ਇਸ ਤਹਿਤ ਅੱਜ ਪਿੰਡ ਰਾਮਪੁਰ ਜੱਜਰ ਵਿੱਚ ਕਿਸਾਨਾਂ ਨੇ ਮਦਨ ਮੋਹਨ ਮਿੱਤਲ ਦਾ ਘਿਰਾਓ ਕਰਦਿਆਂ ਜਬਰਦਸਤ ਵਿਰੋਧ ਕੀਤਾ। ਜ਼ਿਲ੍ਹਾ ਰੂਪਨਗਰ ਦੇ ਐੱਸਪੀ ਦੀ ਅਗਵਾਈ ਹੇਠ ਪਹੁੰਚੀ ਭਾਰੀ ਪੁਲੀਸ ਫੋਰਸ ਨੇ ਜਿੱਥੇ ਮਦਨ ਮੋਹਨ ਮਿੱਤਲ ਅਤੇ ਉਨ੍ਹਾਂ ਦੇ ਫਰਜ਼ੰਦ ਐਡਵੋਕੇਟ ਅਰਵਿੰਦ ਮਿੱਤਲ ਸਣੇ ਭਾਜਪਾ ਵਰਕਰਾਂ ਨੂੰ ਸਖਤ ਸੁਰੱਖਿਆ ਘੇਰੇ ’ਚ ਬਾਹਰ ਕੱਢਿਆ, ਉੱਥੇ ਹੀ ਇਸ ਦੌਰਾਨ ਮਿੱਤਲ ਦੇ ਕਾਫ਼ਲੇ ਵਾਲੀ ਗੱਡੀ ਹੇਠ ਇੱਕ ਕਿਸਾਨ ਦਾ ਪੈਰ ਵੀ ਆ ਗਿਆ।

ਜ਼ਿਕਰਯੋਗ ਹੈ ਕਿ ਕਿਸਾਨਾਂ ਨੇ ਮਿੱਤਲ ਦੇ ਪਿੰਡਾਂ ਦੇ ਦੌਰਿਆਂ ਦਾ ਵਿਰੋਧ ਕਰਨ ਲਈ ਪੂਰੀ ਨਾਕਾਬੰਦੀ ਕੀਤੀ ਹੋਈ ਸੀ ਅਤੇ ਦੁਪਹਿਰ ਤੋਂ ਹੀ ਦੋਵੇਂ ਧਿਰਾਂ ਦਰਮਿਆਨ ਲੁਕਣਮੀਟੀ ਦੀ ਖੇਡ ਚੱਲ ਰਹੀ ਸੀ। ਸ਼ਾਮ ਹੁੰਦਿਆਂ ਤੱਕ ਜਦੋਂ ਮਿੱਤਲ ਸਰਹੱਦੀ ਪਿੰਡ ਰਾਮਪੁਰ ਜੱਜਰ ਵਿੱਚ ਭਾਜਪਾ ਸਮਰਥਕ ਦੇ ਘਰ ਪਹੁੰ-ਚੇ ਤਾਂ ਕਿਸਾਨਾਂ ਨੇ ਘਰ ਅੱਗੇ ਧਰਨਾ ਲਾ ਕੇ ਪ੍ਰਦਰਸ਼ਨ ਸ਼ੁਰੂ ਕਰ ਦਿੱਤਾ। ਕਿਸਾਨਾਂਨੇ ਕੇਂਦਰ ਸਰਕਾਰ ਅਤੇ ਭਾਜਪਾ ਆਗੂਆਖ਼ਲਿਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਹਾਲਾਤ ਬੇਕਾਬੂ ਹੁੰਦੇ ਦੇਖ ਪੁਲੀਸ ਨੇ ਸਖਤ ਸੁਰੱਖਿਆ ਪ੍ਰਬੰਧਾਂ ਹੇਠ ਘੇਰਾ ਪਾ ਕੇ ਮਿੱਤਲ ਤੇ ਉਨ੍ਹਾਂ ਦੇ ਫਰਜ਼ੰਦ ਨੂੰ ਗੱਡੀਆਂ ਵਿੱਚ ਬਿਠਾ ਕੇ ਉੱਥੋਂ ਕੱਢਣਾ ਚਾਹਿਆ ਤਾਂ ਕਿਸਾਨ ਗੱਡੀਆਂ ਅੱਗੇ ਲੰਮੇ ਪੈ ਗਏ।

ਇਸੇ ਦੌਰਾਨ ਮਿੱਤਲ ਦੇ ਕਾਫ਼ਲੇ ਦੀ ਗੱਡੀ ਹੇਠ ਇੱਕ ਕਿਸਾਨ ਦਾ ਪੈਰ ਵੀ ਆ ਗਿਆ। ਕਿਸਾਨਾਂ ਦਾ ਪ੍ਰਦਰਸ਼ਨ ਭਖ਼ਣ ’ਤੇ ਪੰਜਾਬ ਪੁਲੀਸ ਨੂੰ ਸਖਤੀ ਕਰਨੀ ਪਈ ਅਤੇ ਪੁਲੀਸ ਨੇ ਕਿਸਾਨਾਂ ਨੂੰ ਧੂਹ ਕੇ ਖੇਤਾਂ ਵੱਲ ਸੁੱਟਿਆ।



# ਖੁਸ਼ਕ ਬੰਦਰਗਾਹ ਅੱਗੇ ਬਜ਼ੁਰਗਾਂ ਨੇ ਲਾਈ ‘ਕਿਸਾਨ ਸੰਸਦ’



**ਗੁਰੂਸਰ ਸੁਧਾਰ।** ਜੱਲ੍ਹਿਆਂਵਾਲੇ ਬਾਗ਼ ਦੇ ਖ਼ੂਨੀ ਸਾਕੇ ਦਾ ਬਦਲਾ ਲੈਣ ਵਾਲੇ ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਹਾੜੇ ਮੌਕੇ ਉਨ੍ਹਾਂ ਨੂੰ ਸ਼ਰਧਾਂਜਲੀ ਭੇਟ ਕਰਨ ਬਾਅਦ ਕਿਲ੍ਹਾ ਰਾਏਪੁਰ ਵਿਚ ਅਡਾਨੀਆਂ ਦੀ ਖ਼ੁਸ਼ਕ ਬੰਦਰਗਾਹ ਸਾਹਮਣੇ ਸੰਯੁਕਤ ਕਿਸਾਨ ਮੋਰਚੇ ਅਤੇ ਜਮਹੂਰੀ ਕਿਸਾਨ ਸਭਾ ਦੇ ਬਜ਼ੁਰਗਾਂ ਵੱਲੋਂ ਬੁਲਾਈ ਅੱਜ ਦੀ ਵਿਸ਼ੇਸ਼ ‘ਕਿਸਾਨ ਸੰਸਦ’ ਦੀ ਕਾਰਵਾਈ ਸ਼ੁਰੂ ਕੀਤੀ ਗਈ। ਕਿਸਾਨ ਸੰਸਦ ਵਿੱਚ ‘ਬਹਿ ਕੇ ਦੇਖ ਸਰਕਾਰੇ, ਬਾਬੇ ਸੰਸਦ ਵੀ ਲਾਉਂਦੇ ਨੇ’ ਗੀਤ ਵੀ ਗੂੰਜਿਆ। ਇਸ ਮੌਕੇ ਪ੍ਰੋ. ਸੁਰਿੰਦਰ ਕੌਰ ਨੂੰ ਸਪੀਕਰ ਅਤੇ ਬੀਬੀ ਮਹਿੰਦਰ ਕੌਰ ਨੂੰ ਡਿਪਟੀ ਸਪੀਕਰ ਚੁਣਿਆ ਗਿਆ। ਕਿਸਾਨ ਆਗੂ ਬਲਰਾਜ ਸਿੰਘ ਕੋਟਉਮਰਾ, ਰਘਵੀਰ ਸਿੰਘ ਬੈਨੀਪਾਲ, ਹਰਨੇਕ ਸਿੰਘ ਗੁੱਜਰਵਾਲ ਅਤੇ ਸੁਰਜੀਤ ਸਿੰਘ ਸੀਲੋਂ ਨੇ ਬਹਿਸ ਵਿਚ ਹਿੱਸਾ ਲੈਂਦਿਆਂ ਕਿਹਾ ਕਿ ਸ਼ਹੀਦ ਊਧਮ ਸਿੰਘ ਸੁਨਾਮ ਨੇ ਕੇਵਲ ਜੱਲ੍ਹਿਆਂਵਾਲੇ ਬਾਗ਼ ਦਾ ਬਦਲਾ ਨਹੀਂ ਲਿਆ ਸੀ, ਸਗੋਂ ਸਿਧਾਂਤਕ ਤੌਰ ’ਤੇ ਬਰਤਾਨਵੀ ਸਾਮਰਾਜ ਵਿਰੁੱਧ ਆਪਣੀ ਲੜਾਈ ਸੇਧਿਤ ਕੀਤੀ ਸੀ। ਰਾਮ ਮੁਹੰਮਦ ਸਿੰਘ ਆਜ਼ਾਦ ਵਜੋਂ ਆਪਣਾ ਨਾਮ ਦਰਜ ਕਰਵਾ ਕੇ ਉਨ੍ਹਾਂ ਧਰਮ ਦੇ ਨਾਮ ’ਤੇ ਲੋਕਾਂ ਨੂੰ ਲੜਾਉਣ ਵਾਲਿਆਂ ਉੱਪਰ ਵੀ ਹਮਲਾ ਕੀਤਾ ਸੀ। ਸਰਕਾਰੀ ਪੱਖ ਪੂਰਨ ਲਈ ਬਣਾਏ ਕੇਂਦਰੀ ਮੰਤਰੀ ਜਗਤਾਰ ਸਿੰਘ ਚਕੋਰੀ, ਖੇਤੀ ਮੰਤਰੀ ਅਮਰੀਕ ਸਿੰਘ ਜੜਤੌਲੀ ਅਤੇ ਸਵਰਨਜੀਤ ਸਿੰਘ ਮੁੱਲਾਂਪੁਰ ਨੂੰ ਵਿਰੋਧੀ ਧਿਰ ਨੇ ਸੰਸਦ ਵਿੱਚ ਬੋਲਣ ਨਾ ਦਿੱਤਾ ਅਤੇ ਉਨ੍ਹਾਂ ਨੂੰ ਮੰਤਰੀ ਅਤੇ ਭਾਜਪਾ ਦੇ ਅਹੁਦਿਆਂ ਤੋਂ ਵੀ ਅਸਤੀਫ਼ਾ ਦੇਣ ਲਈ ਮਜਬੂਰ ਕਰ ਦਿੱਤਾ। ਜਨਵਾਦੀ ਇਸਤਰੀ ਸਭਾ ਦੀ ਆਗੂ ਅਮਨਦੀਪ ਕੌਰ, ਰਜਿੰਦਰ ਕੌਰ, ਪਰਮਜੀਤ ਕੌਰ ਅਤੇ ਸੁਖਵਿੰਦਰ ਕੌਰ ਨੇ ਵੀ ਬਹਿਸ ਵਿੱਚ ਭਾਗ ਲਿਆ।

# ਮੀਂਹ ਦੀ ਪੇਸ਼ੀਨਗੋਈ ਨੇ ਫਿਕਰਾਂ ’ਚ ਪਾਈ ਪੰਜਾਬ ਸਰਕਾਰ

**ਮਾਨਸਾ।** ਮੌਸਮ ਵਿਭਾਗ ਵੱਲੋਂ ਪੰਜਾਬ ਵਿੱਚ ਆਉਂਦੇ ਤਿੰਨ-ਚਾਰ ਦਿਨ ਲਗਾਤਾਰ ਮੀਂਹ ਪੈਣ ਦੀ ਦਿੱਤੀ ਚਿਤਾਵਨੀ ਤੋਂ ਬਾਅਦ ਪੰਜਾਬ ਸਰਕਾਰ ਨੂੰ ਹੜ੍ਹਾਂ ਦਾ ਡਰ ਸਤਾਉਣ ਲੱਗਿਆ ਹੈ। ਸਰਕਾਰ ਨੇ ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰਾਂ ਨੂੰ ਹੜ੍ਹਾਂ ਸਬੰਧੀ ਸੁਚੇਤ ਰਹਿਣ ਦੀ ਹਦਾਇਤ ਕਰ ਦਿੱਤੀ ਹੈ। ਮਾਨਸਾ ਜ਼ਿਲ੍ਹੇ ਵਿੱਚ ਘੱਗਰ ਦਰਿਆ ਸਮੇਤ ਹੋਰ ਡਰੇਨਾਂ ਵਿੱਚ ਪਾਣੀ ਆਉਣ ਮਗਰੋਂ ਨੇੜਲੇ ਖੇਤਾਂ ਦੇ ਕਿਸਾਨਾਂ ਨੇ ਆਪਣੇ ਖੇਤਾਂ ਦੀਆਂ ਮੋਟਰਾਂ ਸਮੇਤ ਨਹਿਰਾਂ ਦੇ ਮੋਘੇ ਬੰਦ ਕਰ ਦਿੱਤੇ ਹਨ। ਘੱਗਰ ਵਿੱਚ ਵਧ ਰਹੇ ਪਾਣੀ ਨੂੰ ਗੰਭੀਰਤਾ ਨਾਲ ਲੈਂਦਿਆਂ ਬੁਢਲਾਡਾ ਦੇ ਵਿਧਾਇਕ ਬੁੱਧ ਰਾਮ ਨੇ ਪੰਜਾਬ ਸਰਕਾਰ ਤੋਂ ਮਾਨਸਾ ਜ਼ਿਲ੍ਹੇ ’ਚੋਂ ਲੰਘਦੇ ਘੱਗਰ ਦਰਿਆ ਦੇ ਬੰਨ੍ਹ ਮਜ਼ਬੂਤ ਕਰਨ ਲਈ ਤੁਰੰਤ ਰਾਸ਼ੀ ਭੇਜਣ ਦੀ ਮੰਗ ਕੀਤੀ ਹੈ। ਜ਼ਕਿਰਯੋਗ ਹੈ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਬਠਿੰਡਾ ਦੇ ਮੌਸਮ ਵਿਭਾਗ ਦੇ ਮੁਖੀ ਡਾ. ਰਾਜ ਕੁਮਾਰ ਪਾਲ ਨੇ ਦੱਸਿਆ ਕਿ ਅਗਲੇ ਤਿੰਨ-ਚਾਰ ਦਿਨ ਪੰਜਾਬ ਅਤੇ ਹਰਿਆਣਾ ਸਮੇਤ ਹੋਰ ਸੂਬਿਆਂ ਵਿੱਚ ਭਰਵਾਂ ਮੀਂਹ ਪੈ ਸਕਦਾ ਹੈ।

